


ਰੋਜ਼ਾਨਾ

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes (MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 77 Chief Editor : Chowdhary Prabhjit Singh, Editor : Chhatarpal Singh 98146-32807, Sunday 6 September 2026 Price : 2 Rs. Page : 6

## ਮੇਰਾ ਸੁਪਨਾ ਪੰਜਾਬ ਨੂੰ ਆਲਮੀ ਸਿੱਖਿਆ ਕੇਂਦਰ ਬਣਾਉਣਾ ਹੈ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

➢ 2021 ਵਿੱਚ ਪੰਜਾਬ ਸਿੱਖਿਆ ਖੇਤਰ 'ਚ 27ਵੇਂ ਨੰਬਰ 'ਤੇ ਸੀ, ਅੱਜ ਪਹਿਲੇ ਨੰਬਰ 'ਤੇ ਹੈ➢ ਅਧਿਆਪਕਾਂ ਨੂੰ ਵਿਸ਼ਵ ਪੱਧਰ ਦੀ ਸਿਖਲਾਈ ਦਿੱਤੀ, 118 'ਸਕੂਲਜ਼ ਆਫ਼ ਐਮੀਨੈਂਸ' ਸਥਾਪਤ ਕੀਤੇ ਅਤੇ 16,348 ਸਕੂਲਾਂ ਵਿੱਚ ਵਾਈ-ਫਾਈ ਦੀ ਸਹੂਲਤ ਦਿੱਤੀ ➢ 'ਬਿਜ਼ਨਸ ਬਲਾਸਟਰਜ਼' ਰਾਹੀਂ ਅਸੀਂ ਵਿਦਿਆਰਥੀਆਂ ਨੂੰ ਰੋਜ਼ਗਾਰ ਮੰਗਣ ਵਾਲਿਆਂ ਦੀ ਬਜਾਏ ਰੋਜ਼ਗਾਰ ਦੇਣ ਵਾਲੇ ਬਣਾ ਰਹੇ ਹਾਂ



**ਚੰਡੀਗੜ੍ਹ, 5 ਸਤੰਬਰ**
**-ਜੀ. ਐਸ. ਤੁੰਗ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਉਨ੍ਹਾਂ ਦੀ ਸਰਕਾਰ ਦੇ ਸਿੱਖਿਆ ਸੁਧਾਰਾਂ ਨੇ ਪੰਜਾਬ ਦੇ ਸਰਕਾਰੀ ਸਕੂਲਾਂ ਦੀ ਕਾਇਆ-ਕਲਪ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸਾਲ 2021 ਵਿੱਚ ਪੰਜਾਬ ਸਿੱਖਿਆ ਦੇ ਖੇਤਰ ਵਿੱਚ 27ਵੇਂ ਸਥਾਨ 'ਤੇ ਸੀ ਜੋ ਹੁਣ ਪ੍ਰਾਇਮਰੀ ਸਿੱਖਿਆ ਵਿੱਚ ਪਹਿਲੇ ਨੰਬਰ 'ਤੇ ਪਹੁੰਚ ਗਿਆ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਪੰਜਾਬ ਨੂੰ ਆਲਮੀ ਸਿੱਖਿਆ ਕੇਂਦਰ ਬਣਾਉਣ ਦੇ ਸਰਕਾਰ ਦੇ ਦ੍ਰਿਸ਼ਟੀਕੋਣ ਦਾ ਵੀ ਐਲਾਨ ਕੀਤਾ।

ਮੁਹਾਲੀ ਵਿਖੇ ਅਧਿਆਪਕ ਦਿਵਸ ਮੌਕੇ ਰਾਜ ਪੱਧਰੀ ਸਨਮਾਨ ਸਮਾਰੋਹ ਦੌਰਾਨ ਮੁੱਖ ਮੰਤਰੀ ਨੇ ਅਧਿਆਪਕਾਂ ਲਈ ਅੰਤਰਰਾਸ਼ਟਰੀ ਸਿਖਲਾਈ, 118 'ਸਕੂਲਜ਼ ਆਫ਼ ਐਮੀਨੈਂਸ', 16,348 ਸਕੂਲਾਂ ਵਿੱਚ ਵਾਈ-ਫਾਈ ਸਹੂਲਤ, 'ਬਿਜ਼ਨਸ ਬਲਾਸਟਰ' ਅਤੇ ਪੀ.ਟੀ.ਐਮ. ਰਾਹੀਂ ਮਾਪਿਆਂ ਦੀ ਵਧੇਰੇ ਸ਼ਮੂਲੀਅਤ ਨੂੰ ਇਸ ਬਦਲਾਅ ਦੇ ਮੁੱਖ ਕਾਰਨ ਦੱਸਿਆ, ਜਦਕਿ 50 ਅਧਿਆਪਕਾਂ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਲਈ ਸਨਮਾਨਿਤ ਵੀ ਕੀਤਾ।

ਐਕਸ 'ਤੇ ਕੁਝ ਝਲਕੀਆਂ ਸਾਂਝੀਆਂ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅੱਜ ਅਧਿਆਪਕ ਦਿਵਸ ਮੌਕੇ ਮੁਹਾਲੀ ਵਿਖੇ ਕਰਵਾਏ ਰਾਜ ਪੱਧਰੀ ਸਮਾਗਮ ਦੌਰਾਨ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਜੀ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਸ਼ਾਨਦਾਰ ਸੇਵਾਵਾਂ ਨਿਭਾਉਣ ਵਾਲੇ ਅਧਿਆਪਕਾਂ ਨੂੰ ਸਨਮਾਨਿਤ ਕੀਤਾ। ਸਿੱਖਿਆ ਖੇਤਰ ਨੂੰ ਬੁਲੰਦੀਆਂ 'ਤੇ ਲੈ ਕੇ ਜਾਣਾ ਸਾਡੀ ਮੁੱਖ ਤਰਜੀਹ ਹੈ। ਅਧਿਆਪਕਾਂ ਲਈ ਅੰਤਰਰਾਸ਼ਟਰੀ ਸਿਖਲਾਈ, 118 'ਸਕੂਲ ਆਫ਼ ਐਮੀਨੈਂਸ' ਦੀ ਸਥਾਪਨਾ ਅਤੇ 16,348 ਸਕੂਲਾਂ ਵਿੱਚ ਵਾਈ-ਫਾਈ ਸਹੂਲਤ ਪ੍ਰਦਾਨ ਕਰਨਾ ਇਸ ਦਿਸ਼ਾ ਵਿੱਚ ਚੁੱਕੇ ਗਏ ਅਹਿਮ ਕਦਮ ਹਨ। 'ਬਿਜ਼ਨਸ ਬਲਾਸਟਰ' ਪ੍ਰੋਗਰਾਮ ਰਾਹੀਂ ਅਸੀਂ ਵਿਦਿਆਰਥੀਆਂ ਨੂੰ ਰੋਜ਼ਗਾਰ ਮੰਗਣ ਵਾਲੇ ਨਹੀਂ, ਸਗੋਂ ਰੋਜ਼ਗਾਰ ਦੇਣ ਵਾਲੇ ਬਣਨ ਦੇ ਯੋਗ ਬਣਾ ਰਹੇ ਹਾਂ। ਆਓ ਰਲ-ਮਿਲ ਕੇ ਪੜ੍ਹਿਆ-ਲਿਖਿਆ, ਹੁਨਰਮੰਦ ਅਤੇ 'ਰੰਗਲਾ ਪੰਜਾਬ' ਬਣਾਈਏ। ਇਨਕਲਾਬ ਜ਼ਿੰਦਾਬਾਦ।

ਮੁਹਾਲੀ ਵਿਖੇ ਰਾਜ ਪੱਧਰੀ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਮੇਰਾ ਸੁਪਨਾ ਪੰਜਾਬ ਨੂੰ ਆਲਮੀ ਸਿੱਖਿਆ ਕੇਂਦਰ ਬਣਾਉਣਾ ਹੈ। ਸਿੱਖਿਆ ਖੇਤਰ ਵਿੱਚ ਸਾਡੀ ਸਰਕਾਰ ਵੱਲੋਂ ਚੁੱਕੇ ਗਏ ਇਨਕਲਾਬੀ ਕਦਮਾਂ ਕਰਕੇ ਉਹ ਦਿਨ ਦੂਰ ਨਹੀਂ, ਜਦੋਂ ਦੁਨੀਆ ਭਰ ਤੋਂ ਅਧਿਆਪਕ ਸਿਖਲਾਈ ਲੈਣ ਲਈ ਪੰਜਾਬ ਆਉਣਗੇ।

ਭਾਰਤ ਦੇ ਦੂਜੇ ਰਾਸ਼ਟਰਪਤੀ, ਮਹਾਨ ਦਾਰਸ਼ਨਿਕ ਅਤੇ ਉੱਘੇ ਵਿਦਵਾਨ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਨੂੰ ਉਨ੍ਹਾਂ ਦੇ ਜਨਮ ਦਿਨ 'ਤੇ ਸ਼ਰਧਾਂਜਲੀ ਭੇਟ ਕਰਦਿਆਂ ਮੁੱਖ ਮੰਤਰੀ ਨੇ ਕਿਹਾ, ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਨੇ ਦੇਸ਼ ਨੂੰ ਗਿਆਨ, ਇਮਾਨਦਾਰੀ ਅਤੇ ਸੇਵਾ ਦਾ ਸੰਦੇਸ਼ ਦਿੱਤਾ। ਉਨ੍ਹਾਂ ਦਾ ਦ੍ਰਿੜ੍ਹ ਵਿਸ਼ਵਾਸ ਸੀ ਕਿ ਸਿੱਖਿਆ ਮਨੁੱਖਤਾ ਦੇ ਵਿਕਾਸ ਦਾ ਸਭ ਤੋਂ ਵੱਡਾ ਸਾਧਨ ਹੈ। ਉਨ੍ਹਾਂ ਦਾ ਜੀਵਨ ਅਕਾਦਮਿਕ ਉੱਤਮਤਾ ਅਤੇ ਨੈਤਿਕ ਮੁੱਲਾਂ ਦੀ ਨੀਂਹ ਨੂੰ ਦਰਸਾਉਂਦਾ ਹੈ, ਜਿਸ ਕਰਕੇ ਉਨ੍ਹਾਂ ਦਾ ਜਨਮ ਦਿਨ ਪੂਰੇ ਦੇਸ਼ ਵਿੱਚ ਅਧਿਆਪਕਾਂ ਪ੍ਰਤੀ ਸਤਿਕਾਰ ਅਤੇ ਗੁਰੂ-ਦੱਖਣਾ ਪ੍ਰਗਟਾਉਣ ਦੇ ਦਿਨ ਵਜੋਂ ਮਨਾਇਆ ਜਾਂਦਾ ਹੈ। ਸਨਮਾਨ ਸਮਾਰੋਹ ਦੌਰਾਨ ਪੰਜਾਬ ਦੇ ਸਿੱਖਿਆ ਖੇਤਰ ਵਿੱਚ ਅਹਿਮ ਯੋਗਦਾਨ ਪਾਉਣ ਵਾਲੇ ਅਧਿਆਪਕਾਂ ਨੂੰ ਸਨਮਾਨਿਤ ਕੀਤਾ ਗਿਆ। ਕੁੱਲ 50 ਅਧਿਆਪਕਾਂ (ਜਿਨ੍ਹਾਂ ਵਿੱਚ 21 ਪ੍ਰਾਇਮਰੀ ਅਤੇ 29 ਸੈਕੰਡਰੀ ਅਧਿਆਪਕ ਸ਼ਾਮਲ ਹਨ) ਨੇ ਸਟੇਟ ਐਵਾਰਡ ਪ੍ਰਾਪਤ ਕੀਤੇ, ਜਦਕਿ 10 ਅਧਿਆਪਕਾਂ (4 ਪ੍ਰਾਇਮਰੀ ਅਤੇ 6 ਸੈਕੰਡਰੀ) ਨੂੰ 'ਯੰਗ ਟੀਚਰ ਐਵਾਰਡ' ਮਿਲੇ। 4 ਅਧਿਆਪਕਾਂ ਨੂੰ ਵਿਸ਼ੇਸ਼ ਅਧਿਆਪਕ ਪੁਰਸਕਾਰ, 6 ਨੂੰ ਪ੍ਰਸ਼ਾਸਕੀ ਪੁਰਸਕਾਰ ਅਤੇ 5 ਪੁਰਸਕਾਰ ਸਿੱਖਿਆ ਮੰਤਰੀ ਵੱਲੋਂ ਨਾਮਜ਼ਦ ਕੀਤੇ ਅਧਿਆਪਕਾਂ ਨੂੰ ਦਿੱਤੇ ਗਏ।

ਸਾਰੇ ਐਵਾਰਡ ਜੇਤੂ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਤੁਹਾਡੀ ਸਖ਼ਤ ਮਿਹਨਤ, ਸਮਰਪਣ ਅਤੇ ਲਗਨ ਪੰਜਾਬ ਦੇ ਸੁਨਹਿਰੀ ਭਵਿੱਖ ਦੀ ਨੀਂਹ ਰੱਖ ਰਹੀ ਹੈ। ਸਾਡੀ ਸਰਕਾਰ ਸਿੱਖਿਆ ਨੂੰ ਸਿਰਫ਼ ਵਿਭਾਗ ਨਹੀਂ ਸਗੋਂ ਪੰਜਾਬ ਦੇ ਸਮਾਜਿਕ-ਆਰਥਿਕ ਬਦਲਾਅ ਦੇ ਸਫ਼ਰ ਦਾ ਮਹੱਤਵਪੂਰਨ ਥੰਮ੍ਹ ਮੰਨਦੀ ਹੈ।

ਅਧਿਆਪਕ ਦਿਵਸ 'ਤੇ ਅਧਿਆਪਕਾਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਿੱਖਿਆ ਅਤੇ ਸਕੂਲਾਂ ਦੇ ਮਿਆਰ ਨੂੰ ਸੁਧਾਰਨ ਲਈ ਫੰਡਾਂ ਦੀ ਕੋਈ ਘਾਟ ਨਹੀਂ ਹੈ। ਸਾਡੇ ਅਧਿਆਪਕਾਂ ਦੀ ਸਖ਼ਤ ਮਿਹਨਤ, ਸਮਰਪਣ ਅਤੇ ਵਚਨਬੱਧਤਾ ਸਦਕਾ ਪੰਜਾਬ ਸਿੱਖਿਆ ਦੇ ਖੇਤਰ ਵਿੱਚ ਦੇਸ਼ ਦਾ ਅਗਵਾਈ ਵਾਲਾ ਸੂਬਾ ਬਣ ਕੇ ਉੱਭਰਿਆ ਹੈ, ਜਿਸ 'ਤੇ ਹਰ ਪੰਜਾਬੀ ਨੂੰ ਬਹੁਤ ਮਾਣ ਹੈ। ਮੈਂ ਇਸ ਇਤਿਹਾਸਕ ਪ੍ਰਾਪਤੀ ਲਈ ਵਿਸ਼ੇਸ਼ ਤੌਰ 'ਤੇ ਸਾਡੇ ਅਧਿਆਪਕਾਂ ਦਾ ਧੰਨਵਾਦ ਕਰਦਾ ਹਾਂ ਅਤੇ ਇਹ ਉਮੀਦ ਕਰਦਾ ਹਾਂ ਕਿ ਤੁਸੀਂ ਭਵਿੱਖ ਵਿੱਚ ਵੀ ਆਪਣੇ ਵਿਦਿਆਰਥੀਆਂ ਦੇ ਮਨਾਂ ਨੂੰ ਗਿਆਨ ਦੀ ਰੌਸ਼ਨੀ ਨਾਲ ਰੁਸ਼ਨਾਉਂਦੇ ਰਹੋਗੇ।

ਅਧਿਆਪਕਾਂ ਲਈ ਅੰਤਰਰਾਸ਼ਟਰੀ ਪੱਧਰ ਦੀ ਸਿਖਲਾਈ ਦਾ ਜ਼ਿਕਰ ਕਰਦਿਆਂ ਉਨ੍ਹਾਂ ਦੱਸਿਆ ਕਿ 234 ਪ੍ਰਿੰਸੀਪਲਾਂ ਅਤੇ ਸਿੱਖਿਆ ਅਧਿਕਾਰੀਆਂ ਨੂੰ ਸਿੰਗਾਪੁਰ ਵਿੱਚ ਸਿਖਲਾਈ ਦਿੱਤੀ ਗਈ, 152 ਹੈੱਡਮਾਸਟਰਾਂ ਨੂੰ ਆਈ.ਆਈ.ਐਮ. ਅਹਿਮਦਾਬਾਦ ਵਿੱਚ ਸਿਖਲਾਈ ਦਿੱਤੀ ਗਈ ਅਤੇ 144 ਪ੍ਰਾਇਮਰੀ ਅਧਿਆਪਕਾਂ ਨੇ ਫਿਨਲੈਂਡ ਦੀ ਤੁਰਕੂ ਯੂਨੀਵਰਸਿਟੀ ਤੋਂ ਵਿਸ਼ਵ ਪੱਧਰੀ ਸਿਖਲਾਈ ਪ੍ਰਾਪਤ ਕੀਤੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅਸੀਂ ਆਪਣੇ ਅਧਿਆਪਕਾਂ ਨੂੰ ਅੰਤਰਰਾਸ਼ਟਰੀ ਪੱਧਰ ਦੀ ਸਿਖਲਾਈ ਦਿੱਤੀ ਹੈ ਤਾਂ ਜੋ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਬੱਚੇ ਵਿਸ਼ਵ ਪੱਧਰੀ ਸਿੱਖਿਆ ਪ੍ਰਾਪਤ ਕਰ ਸਕਣ। ਅਧਿਆਪਕਾਂ ਨੂੰ ਵਿਦੇਸ਼ਾਂ ਵਿੱਚ ਸਿਖਲਾਈ ਦੇਣ ਨਾਲ ਸਰਕਾਰੀ ਸਕੂਲਾਂ ਦੀ ਸਿੱਖਿਆ ਪ੍ਰਣਾਲੀ ਵਿੱਚ ਬਦਲਾਅ ਆਇਆ ਹੈ। ਅਸੀਂ ਆਪਣੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਦੁਨੀਆ ਵਿੱਚ ਕਿਤੇ ਵੀ ਮੁਕਾਬਲਾ ਕਰਨ ਲਈ ਤਿਆਰ ਕਰ ਰਹੇ ਹਾਂ।

'ਸਕੂਲ ਆਫ਼ ਐਮੀਨੈਂਸ' ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਸਕੂਲ ਆਫ਼ ਐਮੀਨੈਂਸ' ਨੇ ਸਿੱਖਿਆ ਦਾ ਮਿਆਰ ਉੱਚਾ ਕੀਤਾ ਹੈ। ਅਸੀਂ 88.67 ਕਰੋੜ ਰੁਪਏ ਦੀ ਲਾਗਤ ਨਾਲ 118 'ਸਕੂਲਜ਼ ਆਫ਼ ਐਮੀਨੈਂਸ' ਨੂੰ ਆਧੁਨਿਕ ਬੁਨਿਆਦੀ ਢਾਂਚੇ ਨਾਲ ਬਦਲ ਦਿੱਤਾ ਹੈ। ਇਨ੍ਹਾਂ ਆਧੁਨਿਕ ਪ੍ਰੋਜੈਕਟਾਂ ਰਾਹੀਂ ਅਸੀਂ ਇਹ ਯਕੀਨੀ ਬਣਾ ਰਹੇ ਹਾਂ ਕਿ ਪੰਜਾਬ ਦਾ ਹਰ ਬੱਚਾ ਦੁਨੀਆ ਵਿੱਚ ਕਿਤੇ ਵੀ ਮੁਕਾਬਲਾ ਕਰਨ ਦੇ ਯੋਗ ਬਣੇ।

## ਰਾਜਪਾਲ ਕਟਾਰੀਆ ਨੇ ਅਧਿਆਪਕ ਦਿਵਸ 'ਤੇ ਅਧਿਆਪਕਾਂ ਨੂੰ ਸਨਮਾਨਿਤ ਕੀਤਾ; ਅਧਿਆਪਕਾਂ ਨੂੰ ਦੱਸਿਆ 'ਮੌਨ ਰਾਸ਼ਟਰ' ਨਿਰਮਾਤਾ



**ਚੰਡੀਗੜ੍ਹ, 5 ਸਤੰਬਰ**
**-ਸੰਜੀਵ ਸਿੰਗਲਾ-**

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਸਕੂਲ ਸਿੱਖਿਆ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਦੁਆਰਾ ਆਯੋਜਿਤ ਇੱਕ ਵਿਸ਼ੇਸ਼ ਅਧਿਆਪਕ ਦਿਵਸ ਸਮਾਰੋਹ ਵਿੱਚ ਸਿੱਖਿਆ ਅਤੇ ਰਾਸ਼ਟਰ ਨਿਰਮਾਣ ਵਿੱਚ ਉਤਕ੍ਰਿਸ਼ਟ ਯੋਗਦਾਨ ਦੇਣ ਵਾਲੇ ਅਧਿਆਪਕਾਂ ਨੂੰ ਸਨਮਾਨਿਤ ਕੀਤਾ। ਭਾਰਤ ਦੇ ਸਾਬਕਾ ਰਾਸ਼ਟਰਪਤੀ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਨੂੰ ਯਾਦ ਕਰਦੇ ਹੋਏ ਪ੍ਰਸ਼ਾਸਕ ਨੇ ਕਿਹਾ ਕਿ ਅਧਿਆਪਕ ਦਿਵਸ ਵਿਅਕਤੀਆਂ, ਸਮਾਜ ਅਤੇ ਰਾਸ਼ਟਰ ਨੂੰ ਘੜਨ ਵਿੱਚ ਅਧਿਆਪਕਾਂ ਦੇ ਅਮੁੱਲ ਯੋਗਦਾਨ ਦੇ ਪ੍ਰਤੀ ਇੱਕ ਸ਼ਰਧਾਂਜਲੀ ਹੈ।

ਇਸ ਅਵਸਰ 'ਤੇ ਸਿੱਖਿਆ ਸਕੱਤਰ ਸੁਸ਼੍ਰੀ ਪ੍ਰੇਰਣਾ ਪੁਰੀ; ਡਾਇਰੈਕਟਰ, ਸਕੂਲ ਸਿੱਖਿਆ, ਸ਼੍ਰੀ ਨਿਤੀਸ਼ ਸਿੰਗਲਾ; ਸਿੱਖਿਆ ਵਿਭਾਗ ਦੇ ਸੀਨੀਅਰ ਅਧਿਕਾਰੀ, ਅਧਿਆਪਕ, ਪੁਰਸਕਾਰ ਜੇਤੂ, ਵਿਦਿਆਰਥੀ ਅਤੇ ਹੋਰ ਪਤਵੰਤੇ ਵਿਅਕਤੀ ਉਪਸਥਿਤ ਰਹੇ।

ਸਕੂਲੀ ਸਿੱਖਿਆ ਦੀ ਗੁਣਵੱਤਾ ਵਿੱਚ ਸੁਧਾਰ ਲਈ ਸਮਰਪਣ, ਇਨੋਵੇਸ਼ਨ ਅਤੇ ਯੋਗਦਾਨ ਦੇ ਸਨਮਾਨ ਵਿੱਚ ਕੁੱਲ 16 ਅਧਿਆਪਕਾਂ ਨੂੰ ਸਟੇਟ ਅਵਾਰਡ ਅਤੇ ਛੇ ਅਧਿਆਪਕਾਂ ਨੂੰ ਪ੍ਰਸ਼ੰਸਾ ਪੱਤਰ ਪ੍ਰਦਾਨ ਕੀਤੇ ਗਏ। ਸੇਂਟ ਜੋਸਫ਼ ਸੀਨੀਅਰ ਸੈਕੰਡਰੀ ਸਕੂਲ, ਸੈਕਟਰ 44 ਦੇ ਪ੍ਰਿੰਸੀਪਲ ਸੁਸ਼੍ਰੀ ਮੋਨਿਕਾ ਚਾਵਲਾ ਅਤੇ ਸ਼੍ਰੀ ਰਮੇਸ਼ ਸ਼ਰਮਾ ਨੂੰ ਵਿਸ਼ੇਸ਼ ਸਨਮਾਨ ਪੁਰਸਕਾਰ ਪ੍ਰਾਪਤ ਹੋਏ, ਉੱਥੇ ਹੀ ਪਿਛਲੇ ਵਰ੍ਹੇ ਦੀ ਰਾਸ਼ਟਰੀ ਪੁਰਸਕਾਰ ਜੇਤੂ ਸੁਸ਼੍ਰੀ ਪਰਵੀਨ ਕੁਮਾਰੀ ਨੂੰ ਵੀ ਸਨਮਾਨਿਤ ਕੀਤਾ ਗਿਆ।

ਸਿੱਖਿਆ ਦੇ ਖੇਤਰ ਵਿੱਚ ਵਿਲੱਖਣ ਅਤੇ ਨਿਰੰਤਰ ਯੋਗਦਾਨ ਲਈ ਚੰਡੀਗੜ੍ਹ ਪ੍ਰਸ਼ਾਸਨ ਦੇ ਸਕੂਲ ਸਿੱਖਿਆ ਵਿਭਾਗ ਦੇ ਡਿਪਟੀ ਡਾਇਰੈਕਟਰ ਸੁਸ਼੍ਰੀ ਬਿੰਦੂ ਅਰੋੜਾ ਨੂੰ 'ਲਾਇਫਟਾਇਮ ਕੰਟ੍ਰੀਬਿਊਸ਼ਨ ਟੂ ਸਕੂਲ ਐਜੂਕੇਸ਼ਨ ਅਵਾਰਡ' (ਸਕੂਲੀ ਸਿੱਖਿਆ ਵਿੱਚ ਜੀਵਨ ਭਰ ਯੋਗਦਾਨ ਪੁਰਸਕਾਰ) ਨਾਲ ਨਿਵਾਜਿਆ ਗਿਆ।

ਸਰਕਾਰੀ ਮਾਡਲ ਹਾਈ ਸਕੂਲ, ਮਲੋਆ ਕਲੋਨੀ, ਚੰਡੀਗੜ੍ਹ ਦੇ ਟ੍ਰੇਂਡ ਗ੍ਰੈਜੂਏਟ ਅਧਿਆਪਕ (ਵਿਗਿਆਨ) ਸ਼੍ਰੀ ਰਵੀ ਕੁਮਾਰ ਜੈਸਵਾਲ ਨੂੰ ਵੱਕਾਰੀ ਰਾਸ਼ਟਰੀ ਅਧਿਆਪਕ ਪੁਰਸਕਾਰ 2026 ਲਈ ਚੁਣਿਆ ਗਿਆ ਹੈ। ਵਿਗਿਆਨ ਸਿੱਖਿਆ ਪ੍ਰਤੀ ਉਨ੍ਹਾਂ ਦੇ ਅਭਿਨਵ ਦ੍ਰਿਸ਼ਟੀਕੋਣ ਲਈ ਉਨ੍ਹਾਂ ਨੂੰ ਸਰਾਹਿਆ ਗਿਆ; ਉਨ੍ਹਾਂ ਨੇ ਵਿਦਿਆਰਥੀਆਂ ਲਈ ਸਿੱਖਣ ਨੂੰ ਅਧਿਕ ਰੋਚਕ ਅਤੇ ਅਨੁਭਵਾਤਮਕ ਬਣਾਉਣ ਹਿਤ ਕਬਾੜ ਸਮੱਗਰੀ ਦਾ ਉਪਯੋਗ ਕਰਕੇ ਇੱਕ 3 ਡੀ ਡੋਮ ਥੀਏਟਰ ਤਿਆਰ ਕੀਤਾ ਹੈ।

ਇਕੱਠ ਨੂੰ ਸੰਬੋਧਨ ਕਰਦੇ ਹੋਏ ਸ਼੍ਰੀ ਕਟਾਰੀਆ ਨੇ ਅਧਿਆਪਕਾਂ ਨੂੰ ÷ਮੌਨ ਰਾਸ਼ਟਰ-ਨਿਰਮਾਤਾ÷ ਦੱਸਿਆ ਅਤੇ ਕਿਹਾ ਕਿ ਉਨ੍ਹਾਂ ਦੀ ਭੂਮਿਕਾ ਕੇਵਲ ਅਕਾਦਮਿਕ ਗਿਆਨ ਪ੍ਰਦਾਨ ਕਰਨ ਤੋਂ ਕਿਤੇ ਅਧਿਕ ਵਿਸਤ੍ਰਿਤ ਹੈ। ਗੁਰੂ ਵਸ਼ਿਸ਼ਟ ਅਤੇ ਆਚਾਰੀਆ ਚਾਣਕਿਆ ਦੀਆਂ ਉਦਾਹਰਣਾਂ ਦਿੰਦੇ ਹੋਏ ਉਨ੍ਹਾਂ ਨੇ ਕਿਹਾ ਕਿ ਇੱਕ ਸੱਚਾ ਅਧਿਆਪਕ ਚਰਿੱਤਰ ਦਾ ਨਿਰਮਾਣ ਕਰਦਾ ਹੈ, ਸੰਸਕਾਰ ਬੀਜਦਾ ਹੈ ਅਤੇ ਵਿਦਿਆਰਥੀਆਂ ਨੂੰ ਜ਼ਿੰਮੇਦਾਰ ਨਾਗਰਿਕ ਬਣਨ ਲਈ ਤਿਆਰ ਕਰਦਾ ਹੈ। ਪ੍ਰਸ਼ਾਸਕ ਨੇ ਕਿਹਾ ਕਿ ਸਿੱਖਿਆ ਦਾ ਉਦੇਸ਼ ਬੱਚਿਆਂ ਨੂੰ ਕੇਵਲ ਪਰੀਖਿਆਵਾਂ ਲਈ ਨਹੀਂ, ਬਲਕਿ ਜੀਵਨ ਲਈ ਤਿਆਰ ਕਰਨਾ ਹੋਣਾ ਚਾਹੀਦਾ ਹੈ। ਉਨ੍ਹਾਂ ਨੇ ਅਧਿਆਪਕਾਂ ਨੂੰ ਕੌਸ਼ਲ-ਅਧਾਰਿਤ ਅਤੇ ਗੁਣਵੱਤਾਪੂਰਨ ਸਿੱਖਿਆ 'ਤੇ ਧਿਆਨ ਕੇਂਦ੍ਰਿਤ ਕਰਨ ਦਾ ਸੱਦਾ ਦਿੱਤਾ, ਜਿਸ ਨਾਲ ਵਿਦਿਆਰਥੀਆਂ ਵਿੱਚ ਆਲੋਚਨਾਤਮਕ ਸੋਚ, ਰਚਨਾਤਮਕਤਾ, ਸਮੱਸਿਆ-ਸਮਾਧਾਨ ਦੀ ਸਮਰੱਥਾ, ਆਤਮਵਿਸ਼ਵਾਸ ਅਤੇ ਆਤਮਨਿਰਭਰਤਾ ਦਾ ਵਿਕਾਸ ਹੋ ਸਕੇ।

## ਰੰਗਲਾ ਪੰਜਾਬ ਵਿਕਾਸ ਸਕੀਮ ਤਹਿਤ ਪਟਿਆਲਾ ਸ਼ਹਿਰ ਦੇ ਵਿਕਾਸ ਲਈ 5 ਕਰੋੜ ਰੁਪਏ ਦੇ ਫੰਡ ਹੋਰ ਜਾਰੀ: ਅਜੀਤਪਾਲ ਸਿੰਘ ਕੋਹਲੀ



**ਪਟਿਆਲਾ, 5 ਸਤੰਬਰ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਪੰਜਾਬ ਸਰਕਾਰ ਵੱਲੋਂ ਪਟਿਆਲਾ ਸ਼ਹਿਰੀ ਹਲਕੇ ਦੇ ਵਿਕਾਸ ਲਈ ਪੀਐਮ-26 ਰੰਗਲਾ ਪੰਜਾਬ ਵਿਕਾਸ ਸਕੀਮ ਦੇ ਤੀਜੇ ਫੇਜ਼ ਤਹਿਤ 5 ਕਰੋੜ ਰੁਪਏ ਦੇ ਫੰਡ ਜਾਰੀ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਹੈ। ਇਨ੍ਹਾਂ ਫੰਡਾਂ ਦੀ ਵਰਤੋਂ ਨਾਲ ਉਲੀਕੇ ਗਏ ਵੱਖ-ਵੱਖ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਮੁਕੰਮਲ ਕਰਵਾਉਣ ਲਈ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਅੱਜ ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ, ਕਮਿਸ਼ਨਰ ਪੂਜਾ ਸਿਆਲ ਗਰੇਵਾਲ, ਵਧੀਕ ਕਮਿਸ਼ਨਰ ਸਿਮਰਨਪ੍ਰੀਤ ਕੌਰ ਅਤੇ ਲੋਕ ਨਿਰਮਾਣ ਵਿਭਾਗ ਤੇ ਨਗਰ ਨਿਗਮ ਦੇ ਅਧਿਕਾਰੀਆਂ ਨਾਲ ਸਮੀਖਿਆ ਬੈਠਕ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਵਿਕਾਸ ਕਾਰਜਾਂ ਨੂੰ ਤੈਅ ਸਮੇਂ ਅੰਦਰ ਪੂਰਾ ਕਰਨ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਾਰਜਾਂ ਦੀ ਪ੍ਰਗਤੀ ਦੀ ਅਗਲੀ ਸਮੀਖਿਆ ਮੀਟਿੰਗ 26 ਸਤੰਬਰ ਨੂੰ ਕੀਤੀ ਜਾਵੇਗੀ। ਵਿਧਾਇਕ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪਟਿਆਲਾ ਸ਼ਹਿਰ ਦੇ ਵਿਕਾਸ ਲਈ ਵੱਡੇ ਪੱਧਰ 'ਤੇ ਕੰਮ ਕਰਵਾਏ ਜਾ ਰਹੇ ਹਨ ਅਤੇ ਕੋਈ ਵੀ ਵਿਕਾਸ ਕਾਰਜ ਅਧੂਰਾ ਨਹੀਂ ਛੱਡਿਆ ਜਾਵੇਗਾ। ਉਨ੍ਹਾਂ ਕਿਹਾ ਕਿ ਨਗਰ ਨਿਗਮ, ਲੋਕ ਨਿਰਮਾਣ ਵਿਭਾਗ ਅਤੇ ਇੰਪਰੂਵਮੈਂਟ ਟਰੱਸਟ ਵੱਲੋਂ ਆਪੋ-ਆਪਣੇ ਵਿਭਾਗ ਨਾਲ ਸਬੰਧਤ ਕੰਮਾਂ ਨੂੰ ਤਰਜੀਹ ਦੇ ਆਧਾਰ 'ਤੇ ਸਮੇਂ ਸਿਰ ਮੁਕੰਮਲ ਕੀਤਾ ਜਾਵੇਗਾ। ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਪਟਿਆਲਾ ਸ਼ਹਿਰ ਨੇ ਦੋ ਵਾਰ ਪੰਜਾਬ ਨੂੰ ਮੁੱਖ ਮੰਤਰੀ ਦਿੱਤੇ ਹਨ, ਪਰ ਇਸ ਦੇ ਬਾਵਜੂਦ ਸ਼ਹਿਰ ਲੰਮੇ ਸਮੇਂ ਤੱਕ ਵਿਕਾਸ ਪੱਖੋਂ ਪਛੜਿਆ ਰਿਹਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਪਟਿਆਲਾ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਸ਼ਹਿਰ ਦੇ ਸਰਵਪੱਖੀ ਵਿਕਾਸ ਦਾ ਬੀੜਾ ਚੁੱਕਿਆ ਹੈ ਅਤੇ ਹੁਣ ਵੱਖ-ਵੱਖ ਵਿਕਾਸ ਕਾਰਜ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਕਰਵਾਏ ਜਾ ਰਹੇ ਹਨ।

## ਪ੍ਰਸ਼ਾਸਕ ਨੇ ਚੰਡੀਗੜ੍ਹ ਨੂੰ ਨਸ਼ਾ ਮੁਕਤ ਬਣਾਉਣ ਲਈ ਸਮੂਹਿਕ ਪ੍ਰਯਾਸਾਂ ਦਾ ਸੱਦਾ ਦਿੱਤਾ; 'ਨਸ਼ੇ ਦੇ ਖ਼ਿਲਾਫ਼ ਵਾਕਾਥੌਨ' ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ

**ਚੰਡੀਗੜ੍ਹ 5 ਸਤੰਬਰ**
**-ਛਤਰਪਾਲ ਸਿੰਘ-**

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਸੁਖਨਾ ਝੀਲ 'ਤੇ 'ਨਸ਼ੇ ਦੇ ਖ਼ਿਲਾਫ਼ ਵਾਕਾਥੌਨ' ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਦੌਰਾਨ ਉਨ੍ਹਾਂ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਅਤੇ ਚੰਡੀਗੜ੍ਹ ਨੂੰ ਇੱਕ ਤੰਦਰੁਸਤ ਅਤੇ ਨਸ਼ਾ ਮੁਕਤ ਸ਼ਹਿਰ ਬਣਾਉਣ ਲਈ ਪ੍ਰਸ਼ਾਸਨ ਅਤੇ ਨਾਗਰਿਕਾਂ ਦੇ ਸੰਯੁਕਤ ਤੇ ਨਿਰੰਤਰ ਪ੍ਰਯਾਸਾਂ ਦਾ ਸੱਦਾ ਦਿੱਤਾ। ਇਹ ਵਾਕਾਥੌਨ ਚੰਡੀਗੜ੍ਹ ਪ੍ਰਸ਼ਾਸਨ ਦੇ ਸਮਾਜ ਭਲਾਈ ਵਿਭਾਗ ਦੁਆਰਾ 'ਨਸ਼ਾ ਮੁਕਤ ਭਾਰਤ ਅਭਿਯਾਨ' ਦੇ ਤਹਿਤ ਆਯੋਜਿਤ ਕੀਤੀ ਗਈ ਸੀ, ਜਿਸ ਦਾ ਉਦੇਸ਼ ਨਸ਼ੀਲੇ ਪਦਾਰਥਾਂ ਦੇ ਦੁਸ਼ਪ੍ਰਭਾਵਾਂ ਬਾਰੇ ਜਾਗਰੂਕਤਾ ਫੈਲਾਉਣਾ ਅਤੇ ਲੋਕਾਂ ਨੂੰ ਨਸ਼ੇ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨਾ ਸੀ।




ਇਸ ਅਵਸਰ 'ਤੇ ਪ੍ਰਸ਼ਾਸਕ ਦੇ ਨਾਲ ਗ੍ਰਹਿ ਸਕੱਤਰ ਸ਼੍ਰੀ ਮਨਦੀਪ ਸਿੰਘ ਬਰਾੜ; ਵਿੱਤ ਸਕੱਤਰ ਸ਼੍ਰੀ ਦਿਪਰਵਾ ਲਾਕੜਾ; ਸਮਾਜ ਭਲਾਈ ਸਕੱਤਰ ਸ਼੍ਰੀ ਹਰਪ੍ਰੀਤ ਸਿੰਘ ਸੂਦਨ; ਮੁੱਖ ਵਣਪਾਲ ਅਤੇ ਮੁੱਖ ਵਣਜੀਵ ਵਾਰਡਨ ਸ਼੍ਰੀ ਸੌਰਭ ਕੁਮਾਰ; ਅਤੇ ਸਮਾਜ ਭਲਾਈ ਡਾਇਰੈਕਟਰ ਸ਼੍ਰੀ ਨਵੀਨ ਰੱਤੂ ਉਪਸਥਿਤ ਰਹੇ।

ਪ੍ਰਸ਼ਾਸਕ ਨੇ ਕਿਹਾ ਕਿ ਨਸ਼ੇ ਦੀ ਸਮੱਸਿਆ ਨਾਲ ਨਜਿੱਠਣ ਲਈ ਸਰਕਾਰ, ਪਰਿਵਾਰਾਂ, ਭਾਈਚਾਰਿਆਂ ਅਤੇ ਨਾਗਰਿਕਾਂ ਦੇ ਸਮੂਹਿਕ ਪ੍ਰਯਾਸਾਂ ਦੀ ਜ਼ਰੂਰਤ ਹੈ। ਉਨ੍ਹਾਂ ਨੇ ਵਿਸ਼ੇਸ਼ ਤੌਰ 'ਤੇ ਨੌਜਵਾਨਾਂ ਦੇ ਦਰਮਿਆਨ ਅਧਿਕ ਜਾਗਰੂਕਤਾ ਵਧਾਉਣ 'ਤੇ ਜ਼ੋਰ ਦਿੱਤਾ ਅਤੇ ਨੌਜਵਾਨਾਂ ਨੂੰ ਤੰਦਰੁਸਤ ਜੀਵਨ ਸ਼ੈਲੀ ਅਪਣਾਉਣ ਅਤੇ ਸਕਾਰਾਤਮਕ ਵਿਕਲਪ ਚੁਣਨ ਦੀ ਤਾਕੀਦ ਕੀਤੀ।

ਪ੍ਰੋਗਰਾਮ ਦੀ ਸ਼ੁਰੂਆਤ 'ਨਸ਼ਾ ਮੁਕਤ ਭਾਰਤ ਪ੍ਰਤਿੱਗਿਆ' ਨਾਲ ਹੋਈ, ਜਿਸ ਵਿੱਚ ਪ੍ਰਤੀਭਾਗੀਆਂ ਨੇ ਨਸ਼ੇ ਤੋਂ ਦੂਰ ਰਹਿਣ ਅਤੇ ਚੰਡੀਗੜ੍ਹ ਨੂੰ ਇੱਕ ਸੁਰੱਖਿਅਤ ਅਤੇ ਤੰਦਰੁਸਤ ਸ਼ਹਿਰ ਬਣਾਉਣ ਵਿੱਚ ਯੋਗਦਾਨ ਦੇਣ ਦਾ ਸੰਕਲਪ ਲਿਆ।

ਪ੍ਰੋਗਰਾਮ ਦਾ ਇੱਕ ਵਿਸ਼ੇਸ਼ ਆਕਰਸ਼ਣ ਚੰਡੀਗੜ੍ਹ ਦੀਆਂ ਖੇਡ ਹਸਤੀਆਂ ਨੂੰ ਉਨ੍ਹਾਂ ਦੀਆਂ ਉਪਲਬਧੀਆਂ ਅਤੇ ਨੌਜਵਾਨਾਂ ਲਈ ਸਕਾਰਾਤਮਕ ਰੋਲ ਮਾਡਲ ਬਣਨ ਲਈ ਸਨਮਾਨਿਤ ਕਰਨਾ ਰਿਹਾ। ਸਨਮਾਨਿਤ ਹੋਣ ਵਾਲਿਆਂ ਵਿੱਚ ਅੰਤਰਰਾਸ਼ਟਰੀ ਜੂਡੋ ਖਿਡਾਰਨ ਸੁਸ਼੍ਰੀ ਐਂਗਲ ਯਾਦਵ; ਅੰਤਰਰਾਸ਼ਟਰੀ ਨਿਸ਼ਾਨੇਬਾਜ਼ ਸੁਸ਼੍ਰੀ ਸੰਯਮ; ਅੰਤਰਰਾਸ਼ਟਰੀ ਤਲਵਾਰਬਾਜ਼ੀ ਖਿਡਾਰਨ ਸੁਸ਼੍ਰੀ ਪ੍ਰਾਂਸ਼ੀ ਅਰੋੜਾ; ਅੰਤਰਰਾਸ਼ਟਰੀ ਤਲਵਾਰਬਾਜ਼ੀ ਖਿਡਾਰਨ ਸੁਸ਼੍ਰੀ ਯਸ਼ਕੀਰਤ ਕੌਰ ਹੇਅਰ; ਅਤੇ ਮੁੱਕੇਬਾਜ਼ ਸੁਸ਼੍ਰੀ ਗੁਰਸੀਰਤ ਕੌਰ, ਸ਼ਾਮਲ ਰਹੀਆਂ।

ਸਕੂਲ ਸਿੱਖਿਆ ਵਿਭਾਗ, ਚੰਡੀਗੜ੍ਹ ਟ੍ਰੈਫਿਕ ਪੁਲਿਸ ਅਤੇ ਖੇਡ ਵਿਭਾਗ ਦੇ ਪ੍ਰਤੀਭਾਗੀਆਂ ਦੇ ਨਾਲ-ਨਾਲ ਹੋਰ ਹਿਤਧਾਰਕਾਂ ਨੇ ਵੀ ਇਸ ਵਾਕਾਥੌਨ ਵਿੱਚ ਹਿੱਸਾ ਲਿਆ। 'ਨਸ਼ੇ ਦੇ ਖ਼ਿਲਾਫ਼ ਵਾਕ' ਦਾ ਸੰਦੇਸ਼ ਲੈ ਕੇ ਸਾਰੇ ਪ੍ਰਤੀਭਾਗੀ ਨਸ਼ੀਲੇ ਪਦਾਰਥਾਂ ਦੇ ਦੁਰਉਪਯੋਗ ਦੇ ਵਿਰੁੱਧ ਇੱਕ ਮਜ਼ਬੂਤ ਅਤੇ ਇਕਜੁੱਟ ਸੰਦੇਸ਼ ਦੇਣ ਲਈ ਇਕੱਠੇ ਅੱਗੇ ਆਏ।

## ਐਸ ਆਈ ਆਰ ਸਬੰਧੀ ਪਟਿਆਲਾ ਜ਼ਿਲ੍ਹੇ ਦੇ ਸਮੂਹ 1861 ਪੋਲਿੰਗ ਬੂਥਾਂ 'ਤੇ ਅੱਜ ਨੂੰ ਲੱਗਣਗੇ ਵਿਸ਼ੇਸ਼ ਕੈਂਪ

**ਪਟਿਆਲਾ, 5 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਚੋਣ ਅਫ਼ਸਰ, ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ (ਐਸ.ਆਈ.ਆਰ.) 2026 ਅਧੀਨ ਅੱਜ ਪਟਿਆਲਾ ਜ਼ਿਲ੍ਹੇ ਦੇ ਸਮੂਹ 1861 ਪੋਲਿੰਗ ਬੂਥਾਂ 'ਤੇ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਵੋਟਰ ਆਪਣੇ ਸਬੰਧਤ ਪੋਲਿੰਗ ਬੂਥ 'ਤੇ ਸਵੇਰੇ 10:00 ਵਜੇ ਤੋਂ ਸ਼ਾਮ 4:00 ਵਜੇ ਤੱਕ ਲਗਾਏ ਜਾ ਰਹੇ ਇਨ੍ਹਾਂ ਕੈਂਪਾਂ ਵਿੱਚ ਪਹੁੰਚ ਕੇ ਚੋਣ ਸਬੰਧੀ ਵੱਖ-ਵੱਖ ਸੇਵਾਵਾਂ ਦਾ ਲਾਭ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਭਾਰਤ ਚੋਣ ਕਮਿਸ਼ਨ ਵੱਲੋਂ ਸਪੈਸ਼ਲ ਇੰਟੈਨਸਿਵ ਰਵੀਜ਼ਨ ਦੇ ਦੂਜੇ ਪੜਾਅ (ਨੋਟਿਸ ਫੇਜ/ਦਾਅਵੇ ਅਤੇ ਇੰਤਰਾਜ਼ਾਂ ਦੇ ਨਿਪਟਾਰੇ) ਦੇ ਕੰਮ ਨੂੰ ਮੁੱਖ ਰੱਖਦੇ ਹੋਏ ਪਟਿਆਲਾ ਜ਼ਿਲ੍ਹੇ ਲਈ ਲਗਾਏ ਗਏ ਰੋਲ ਅਬਜ਼ਰਵਰ-ਕਮ-ਕਮਿਸ਼ਨਰ ਪਟਿਆਲਾ ਡਵੀਜ਼ਨ ਸ੍ਰੀ ਵਿਨੈ ਬੁਬਲਾਨੀ ਇਨ੍ਹਾਂ ਕੈਂਪਾਂ ਦਾ ਦੌਰਾ ਕਰਕੇ ਜਾਇਜ਼ਾ ਲੈਣਗੇ।

ਜ਼ਿਲ੍ਹਾ ਚੋਣ ਅਫ਼ਸਰ ਨੇ ਅੱਗੇ ਦੱਸਿਆ ਕਿ ਵੋਟਰ ਸੁਵਿਧਾ ਲਈ ਸਾਰੇ ਬੂਥ ਲੈਵਲ ਅਫ਼ਸਰ (ਬੀਐਲਓਜ) ਇਨ੍ਹਾਂ ਵਿਸ਼ੇਸ਼ ਕੈਂਪਾਂ ਵਿੱਚ ਮੌਜੂਦ ਰਹਿਣਗੇ। ਨਾਗਰਿਕ ਵੋਟਰ ਸੇਵਾਵਾਂ ਲਈ ਲੋੜੀਂਦੇ ਫਾਰਮ ਭਰ ਕੇ ਮੌਕੇ 'ਤੇ ਹੀ ਆਪਣੇ ਬੀ.ਐਲ.ਓ. ਕੋਲ ਜਮ੍ਹਾਂ ਕਰਵਾ ਸਕਦੇ ਹਨ, ਫਾਰਮ ਨੰਬਰ 6: ਨਵੀਂ ਵੋਟ ਬਣਾਉਣ ਲਈ (ਲੋੜੀਂਦੇ ਦਸਤਾਵੇਜ਼ਾਂ ਸਮੇਤ), ਫਾਰਮ ਨੰਬਰ 6ਏ ਐਨ.ਆਰ.ਆਈ. ਵੋਟਰ ਵਜੋਂ ਦਰਜ ਹੋਣ ਲਈ, ਫਾਰਮ ਨੰਬਰ 8 ਪਤਾ ਬਦਲਣ, ਸ਼ਿਫਟਿੰਗ ਜਾਂ ਵੋਟਰ ਵੇਰਵਿਆਂ ਵਿੱਚ ਸੁਧਾਰ ਲਈ, ਦਿੱਤਾ ਜਾ ਸਕੇਗਾ। ਉਨ੍ਹਾਂ ਨੇ ਜ਼ਿਲ੍ਹੇ ਦੇ ਸਮੂਹ ਯੋਗ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ 6 ਸਤੰਬਰ ਨੂੰ ਇਨ੍ਹਾਂ ਵਿਸ਼ੇਸ਼ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ।

ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਵੋਟਰ ਕਾਰਡ, ਵੋਟਰ ਸੇਵਾਵਾਂ ਅਤੇ ਐਸ.ਆਈ.ਆਰ. ਪ੍ਰਕਿਰਿਆ ਨਾਲ ਸਬੰਧਤ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਸਹਾਇਤਾ ਲਈ ਜ਼ਿਲ੍ਹਾ ਅਤੇ ਵਿਧਾਨ ਸਭਾ ਚੋਣ ਹਲਕਾ ਪੱਧਰ 'ਤੇ ਬਣੇ ਹੈਲਪਡੈਸਕ ਤੋਂ ਇਲਾਵਾ ਟੋਲ-ਫ੍ਰੀ ਵੋਟਰ ਹੈਲਪਲਾਈਨ ਨੰਬਰ 1950 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

## ਅਧਿਆਪਕ ਦਿਵਸ ਦੇ ਮੌਕੇ 'ਤੇ ਵਿਸ਼ੇਸ਼ ਲੈਕਚਰ ਕਰਵਾਇਆ

**ਪਟਿਆਲਾ, 5 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਦੇ ਸਕੂਲ ਆਫ਼ ਐਜੂਕੇਸ਼ਨ ਐਂਡ ਵੋਕੇਸ਼ਨ ਵੱਲੋਂ ਮਾਨਯੋਗ ਵਾਈਸ-ਚਾਂਸਲਰ ਪ੍ਰੋ. (ਡਾ.) ਰਤਨ ਸਿੰਘ ਦੀ ਰਹਿਨੁਮਾਈ ਹੇਠ ਅਧਿਆਪਕ ਦਿਵਸ ਦੇ ਮੌਕੇ 'ਤੇ ਇੱਕ ਵਿਸ਼ੇਸ਼ ਲੈਕਚਰ ਕਰਵਾਇਆ ਗਿਆ। ਇਸ ਲੈਕਚਰ ਦਾ ਆਯੋਜਨ ਡਾ. ਵਿਨੋਦ ਕੁਮਾਰ (ਕਨਵੀਨਰ) ਅਤੇ ਸ਼੍ਰੀ ਜਸਵੀਰ ਸਿੰਘ (ਕੋਆਰਡੀਨੇਟਰ) ਦੀ ਦੇਖ-ਰੇਖ ਹੇਠ ਕੀਤਾ ਗਿਆ। ਹਿਮਾਚਲ ਪ੍ਰਦੇਸ਼ ਯੂਨੀਵਰਸਿਟੀ, ਸ਼ਿਮਲਾ ਦੇ ਐਸੋਸੀਏਟ ਪ੍ਰੋਫੈਸਰ ਡਾ. ਰਿਤਿਕਾ ਸ਼ਰਮਾ ਇਸ ਲੈਕਚਰ ਵਿੱਚ ਮੁੱਖ ਬੁਲਾਰੇ ਵਜੋਂ ਸ਼ਾਮਲ ਹੋਏ। ਉਨ੍ਹਾਂ ਨੇ ÷21ਵੀਂ ਸਦੀ ਵਿੱਚ ਰਾਸ਼ਟਰ ਨਿਰਮਾਣ ਵਿੱਚ ਅਧਿਆਪਕ ਅਤੇ ਵਿਦਿਆਰਥੀ ਭਾਗੀਦਾਰ ਵਜੋਂ÷ ਵਿਸ਼ੇ 'ਤੇ ਇੱਕ ਬਹੁਤ ਹੀ ਵਿਚਾਰਸ਼ੀਲ ਅਤੇ ਪ੍ਰੇਰਨਾਦਾਇਕ ਲੈਕਚਰ ਦਿੱਤਾ।

ਆਪਣੇ ਲੈਕਚਰ ਦੌਰਾਨ, ਡਾ. ਸ਼ਰਮਾ ਨੇ ਇੱਕ ਪ੍ਰਗਤੀਸ਼ੀਲ ਅਤੇ ਜ਼ਿੰਮੇਵਾਰ ਸਮਾਜ ਦੇ ਨਿਰਮਾਣ ਵਿੱਚ ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਬਦਲਦੀ ਭੂਮਿਕਾ 'ਤੇ ਜ਼ੋਰ ਦਿੱਤਾ। ਅਸਲ ਜ਼ਿੰਦਗੀ ਦੀਆਂ ਬਹੁਤ ਸਾਰੀਆਂ ਮਿਸਾਲਾਂ ਦਿੰਦਿਆਂ, ਉਨ੍ਹਾਂ ਨੇ ਸਮਕਾਲੀ ਸਿੱਖਿਆ ਦੇ ਮਾਹੌਲ ਵਿੱਚ ਵਿਗਿਆਨਕ ਸੋਚ, ਸਮਾਜਿਕ ਸਦਭਾਵਨਾ, ਗੰਭੀਰ/ਆਲੋਚਨਾਤਮਕ ਸੋਚ, ਰਚਨਾਤਮਕਤਾ ਅਤੇ ਜ਼ਿੰਮੇਵਾਰ ਨਾਗਰਿਕਤਾ ਦੀ ਮਹੱਤਤਾ ਨੂੰ ਉਜਾਗਰ ਕੀਤਾ। ਉਨ੍ਹਾਂ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਸਿੱਖਣ ਦੀ ਪ੍ਰਕਿਰਿਆ ਵਿੱਚ ਸਰਗਰਮ ਭਾਗੀਦਾਰਾਂ ਵਜੋਂ ਮਿਲ ਕੇ ਕੰਮ ਕਰਨਾ ਚਾਹੀਦਾ ਹੈ, ਤਾਂ ਜੋ ਇੱਕ ਅਜਿਹਾ ਮਾਹੌਲ ਸਿਰਜਿਆ ਜਾ ਸਕੇ ਜੋ ਨਵੀਨਤਾ, ਸੁਤੰਤਰ ਸੋਚ, ਆਪਸੀ ਸਤਿਕਾਰ ਅਤੇ ਸਮਾਜਿਕ ਜ਼ਿੰਮੇਵਾਰੀ ਨੂੰ ਉਤਸ਼ਾਹਿਤ ਕਰੇ। ਇਸ ਲੈਕਚਰ ਨੇ ਇਹ ਦਰਸਾਇਆ ਕਿ ਕਿਵੇਂ ਸਿੱਖਿਆ ਗਿਆਨਵਾਨ, ਨੈਤਿਕ, ਰਚਨਾਤਮਕ ਅਤੇ ਸਮਾਜਿਕ ਤੌਰ 'ਤੇ ਜ਼ਿੰਮੇਵਾਰ ਨਾਗਰਿਕ ਤਿਆਰ ਕਰਕੇ ਰਾਸ਼ਟਰ ਨਿਰਮਾਣ ਵਿੱਚ ਯੋਗਦਾਨ ਪਾ ਸਕਦੀ ਹੈ।

## ਪ੍ਰਾਚੀਨ ਪੰਥ ਪ੍ਰਕਾਸ਼ ਦੀ ਪਾਵਨ ਕਥਾ ਦੀ ਆਰੰਭਤਾ 11 ਸਤੰਬਰ ਨੂੰ

**ਪਟਿਆਲਾ, 5 ਸਤੰਬਰ**
**-ਅਰਸ਼ਦੀਪ ਸਿੰਘ-**

ਗੁਰਦੁਆਰਾ ਸਾਹਿਬ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਫੇਜ਼-2 ਪਟਿਆਲਾ ਵਿਖੇ 'ਪ੍ਰਾਚੀਨ ਪੰਥ ਪ੍ਰਕਾਸ਼' ਦੀ ਪਾਵਨ ਕਥਾ ਦੀ ਆਰੰਭਤਾ 11 ਸਤੰਬਰ 2026, ਦਿਨ ਸ਼ੁੱਕਰਵਾਰ ਨੂੰ ਹੋਵੇਗੀ। ਇਹ ਸਮਾਗਮ ਸ਼ਾਮ 7:00 ਵਜੇ ਕਰਵਾਇਆ ਜਾਵੇਗਾ।

ਇਸ ਇਤਿਹਾਸਕ ਮੌਕੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ, ਸੰਗਤਾਂ ਅਤੇ ਪ੍ਰਧਾਨ ਡਾ. ਜਗਜੀਤ ਸਿੰਘ ਦਰਦੀ ਵੱਲੋਂ ਪੰਥ ਦੇ ਮਹਾਨ ਕਥਾ ਵਾਚਕ ਅਤੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਪ੍ਰਿਤਪਾਲ ਸਿੰਘ ਜੀ ਨੂੰ ਗਾਰਡ ਆਫ ਆਨਰ ਨਾਲ ਨਿਵਾਜਿਆ ਜਾਵੇਗਾ। ਸਮਾਗਮ ਦੌਰਾਨ ਗਿਆਨੀ ਪ੍ਰਿਤਪਾਲ ਸਿੰਘ ਜੀ ਵੱਲੋਂ ਪ੍ਰਾਚੀਨ ਪੰਥ ਪ੍ਰਕਾਸ਼ ਦੀ ਪਾਵਨ ਕਥਾ ਦੀ ਆਰੰਭਤਾ ਕੀਤੀ ਜਾਵੇਗੀ। ਸਮਾਗਮ ਦਾ ਉਦੇਸ਼ ਸੰਗਤਾਂ ਨੂੰ ਸਿੱਖ ਇਤਿਹਾਸ ਅਤੇ ਸਿੱਖਿਆਵਾਂ ਨਾਲ ਜੋੜਨਾ ਹੈ।

ਇਸ ਇਤਿਹਾਸਕ ਸਮਾਗਮ ਦੀ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸ਼ਾਮਲ ਹੋਣ ਲਈ ਸੱਦਾ ਦਿੱਤਾ ਗਿਆ ਹੈ। ਸਮਾਗਮ ਵਿੱਚ ਗੁਰੂ ਕੇ ਅੰਮ੍ਰਿਤ ਲੰਗਰਾਂ ਦੀ ਸੇਵਾ ਵੀ ਵਿਦਿਅਕ ਸੰਸਥਾਵਾਂ ਵੱਲੋਂ ਕੀਤੀ ਜਾਵੇਗੀ।

ਸਥਾਨ: ਗੁਰਦੁਆਰਾ ਸਾਹਿਬ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਫੇਜ਼-2, ਪਟਿਆਲਾ ਮਿਤੀ: 11 ਸਤੰਬਰ 2026 ਸਮਾਂ: ਸ਼ਾਮ 7:00 ਵਜੇ




## ਅਧਿਆਪਕ ਦਿਵਸ ਮੌਕੇ ਲਲਿਤਾ ਬੰਗਾ ਸਟੇਟ ਐਵਾਰਡ ਨਾਲ ਸਨਮਾਨਿਤ

**ਪਟਿਆਲਾ, 5 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਅਧਿਆਪਕ ਦਿਵਸ ਦੇ ਮੌਕੇ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਸ਼ਲਾਘਾਯੋਗ ਅਤੇ ਸਮਰਪਿਤ ਸੇਵਾਵਾਂ ਨਿਭਾਉਣ ਵਾਲੇ ਅਧਿਆਪਕਾਂ ਨੂੰ ਸਟੇਟ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਸ ਐਵਾਰਡ ਮੌਕੇ 'ਤੇ ਸਰਕਾਰੀ ਐਲੀਮੈਂਟਰੀ ਸਕੂਲ ਮਾੜੂ, ਬਲਾਕ ਘਨੌਰ, ਜ਼ਿਲ੍ਹਾ ਪਟਿਆਲਾ ਦੀ ਸੈਂਟਰ ਹੈਡ ਟੀਚਰ ਸ੍ਰੀਮਤੀ ਲਲਿਤਾ ਬੰਗਾ ਨੂੰ ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ, ਮਿਹਨਤ, ਲਗਨ ਅਤੇ ਸਮਰਪਣ ਲਈ ਸਟੇਟ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਸ੍ਰੀਮਤੀ ਲਲਿਤਾ ਬੰਗਾ ਨੇ ਆਪਣੇ ਅਧਿਆਪਨ ਕਾਰਜ ਦੌਰਾਨ ਵਿਦਿਆਰਥੀਆਂ ਨੂੰ ਗੁਣਵੱਤਾਪੂਰਨ ਸਿੱਖਿਆ ਪ੍ਰਦਾਨ ਕਰਨ ਦੇ ਨਾਲ-ਨਾਲ ਉਨ੍ਹਾਂ ਦੇ ਸਰਵਪੱਖੀ ਵਿਕਾਸ ਵੱਲ ਵਿਸ਼ੇਸ਼ ਧਿਆਨ ਦਿੱਤਾ। ਉਨ੍ਹਾਂ ਨੇ ਸਕੂਲ ਦੀ ਅਕਾਦਮਿਕ ਕਾਰਗੁਜ਼ਾਰੀ ਨੂੰ ਬਿਹਤਰ ਬਣਾਉਣ, ਵਿਦਿਆਰਥੀਆਂ ਵਿੱਚ ਰਚਨਾਤਮਕਤਾ ਅਤੇ ਆਤਮ-ਵਿਸ਼ਵਾਸ ਪੈਦਾ ਕਰਨ ਅਤੇ ਸਕੂਲ ਨੂੰ ਨਵੀਆਂ ਉਚਾਈਆਂ ਤੱਕ ਲਿਜਾਣ ਲਈ ਲਗਾਤਾਰ ਯਤਨ ਕੀਤੇ ਹਨ।

ਉਨ੍ਹਾਂ ਦੀ ਅਗਵਾਈ ਹੇਠ ਸਕੂਲ ਵਿੱਚ ਸਿੱਖਿਆ ਦੇ ਨਾਲ-ਨਾਲ ਸਹਿ-ਵਿੱਦਿਅਕ ਗਤੀਵਿਧੀਆਂ ਨੂੰ ਵੀ ਉਤਸ਼ਾਹਿਤ ਕੀਤਾ ਗਿਆ। ਉਨ੍ਹਾਂ ਦੀ ਕਾਰਜਸ਼ੈਲੀ ਹੋਰਨਾਂ ਅਧਿਆਪਕਾਂ ਲਈ ਵੀ ਪ੍ਰੇਰਨਾਦਾਇਕ ਰਹੀ ਹੈ।

ਇਸ ਸਨਮਾਨ ਨਾਲ ਸਕੂਲ, ਬਲਾਕ ਘਨੌਰ ਅਤੇ ਜ਼ਿਲ੍ਹਾ ਪਟਿਆਲਾ ਦੇ ਸਮੂਹ ਸਿੱਖਿਆ ਭਾਈਚਾਰੇ ਵਿੱਚ ਖੁਸ਼ੀ ਦੀ ਲਹਿਰ ਹੈ। ਸਕੂਲ ਸਟਾਫ਼, ਵਿਦਿਆਰਥੀਆਂ, ਮਾਪਿਆਂ ਅਤੇ ਸਹਿਕਰਮੀਆਂ ਨੇ ਸ੍ਰੀਮਤੀ ਲਲਿਤਾ ਬੰਗਾ ਨੂੰ ਇਸ ਐਵਾਰਡ ਦੀ ਪ੍ਰਾਪਤੀ 'ਤੇ ਦਿਲੋਂ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਯੋਗਦਾਨ ਪਾਉਣ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਮਿਸ਼ਨ ਕਲੀਨ ਪੰਜਾਬ ਤਹਿਤ ਪਾਤੜਾਂ ਅਤੇ ਘੱਗਾ ਵਿਚ ਸਫ਼ਾਈ ਮੁਹਿੰਮ

**ਪਟਿਆਲਾ, 5 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਅਤੇ ਸਥਾਨਕ ਸਰਕਾਰ ਮੰਤਰੀ ਸ੍ਰੀ ਹਰਜੋਤ ਸਿੰਘ ਬੈਂਸ ਜੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੂਬੇ ਭਰ ਵਿੱਚ ਚਲਾਏ ਜਾ ਰਹੇ ਦਸ ਦਿਨਾਂ ਸਫ਼ਾਈ ਮਹਾ ਅਭਿਆਨ ਤਹਿਤ ਅੱਜ ਨਗਰ ਕੌਂਸਲ ਪਾਤੜਾਂ ਅਤੇ ਨਗਰ ਪੰਚਾਇਤ ਘੱਗਾ ਵੱਲੋਂ ਵੱਖ-ਵੱਖ ਥਾਵਾਂ 'ਤੇ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾਈ ਗਈ। ਨਗਰ ਕੌਂਸਲ ਪਾਤੜਾਂ ਦੇ ਪ੍ਰਧਾਨ ਸ੍ਰੀ ਅੰਮ੍ਰਿਤਪਾਲ ਸਿੰਘ ਦੀ ਅਗਵਾਈ ਹੇਠ ਮੇਨ ਬਾਜ਼ਾਰ, ਸਰਵਿਸ ਰੋਡ, ਕਾਹਨਗੜ੍ਹ ਰੋਡ ਅਤੇ ਵੱਖ-ਵੱਖ ਮਾਰਕੀਟਾਂ ਵਿੱਚ ਸਫ਼ਾਈ ਕਰਵਾਈ ਗਈ। ਇਸ ਦੌਰਾਨ ਸਫ਼ਾਈ ਸੇਵਕਾਂ ਵੱਲੋਂ ਸੜਕਾਂ ਅਤੇ ਜਨਤਕ ਥਾਵਾਂ ਤੋਂ ਕੂੜਾ-ਕਰਕਟ ਹਟਾ ਕੇ ਸਫ਼ਾਈ ਵਿਵਸਥਾ ਨੂੰ ਬਿਹਤਰ ਬਣਾਇਆ ਗਿਆ।




# ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਕਿਸੇ ਵੀ ਧਾਰਮਿਕ ਸਮਾਗਮ, ਵਿਆਹ ਜਲੂਸ ਆਦਿ ਤੇ ਹਥਿਆਰਾਂ ਦੇ ਪ੍ਰਦਰਸ਼ਿਤ ਕਰਨ ਤੇ ਪਾਬੰਦੀ

**ਫਾਜ਼ਿਲਕਾ, 5 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜ਼ਿਲ੍ਹਾ ਮੈਜਿਸਟ੍ਰੇਟ ਅਮਰਪ੍ਰੀਤ ਕੌਰ ਸੰਧੂ ਆਈਏਐਸ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪਾਬੰਦੀ ਦੇ ਹੁਕਮ ਜਾਰੀ ਕੀਤੇ ਤੇ ਇਹ ਹੁਕਮ 31 ਅਕਤੂਬਰ 2026 ਤੱਕ ਲਾਗੂ ਰਹੇਗਾ।

ਜ਼ਿਲ੍ਹਾ ਮੈਜਿਸਟ੍ਰੇਟ ਨੇ ਦੱਸਿਆ ਕਿ ਕੋਈ ਵੀ ਜ਼ਿਲ੍ਹਾ ਵਾਸੀ ਕਿਸੇ ਮੇਲੇ, ਧਾਰਮਿਕ ਸਮਾਗਮ, ਵਿਆਹ, ਜਲੂਸ ਜਾਂ ਕਿਸੇ ਹੋਰ ਇਕੱਠ ਕਰਨ ਅਤੇ ਜ਼ਿਲ੍ਹੇ ਦੀ ਖੇਤਰੀ ਸੀਮਾ ਦੇ ਅੰਦਰ ਕਿਸੇ ਵਿਦਿਅਕ ਸੰਸਥਾ ਦੇ ਘੇਰੇ ਵਿੱਚ ਕੋਈ ਵੀ ਹਥਿਆਰ (ਤਿੱਖੇ ਧਾਰ ਵਾਲੇ ਹਥਿਆਰ ਆਦਿ ਸਮੇਤ) ਨਹੀਂ ਲੈ ਕੇ ਜਾਵੇਗਾ।

ਇਸ ਤੋਂ ਇਲਾਵਾ ਕਿਸੇ ਵੀ ਥਾਂ 'ਤੇ ਕਿਸੇ ਵੀ ਤੇਜ਼ ਧਾਰ ਵਾਲੇ ਹਥਿਆਰ ਨਾ ਤਾਂ ਲਹਿਰਾਏਗਾ ਅਤੇ ਨਾ ਹੀ ਪ੍ਰਦਰਸ਼ਿਤ ਕਰੇਗਾ। ਇਹ ਹੁਕਮ ਹਥਿਆਰਬੰਦ ਸੈਨਾਵਾਂ, ਪੁਲਿਸ ਦੇ ਮੈਂਬਰਾਂ 'ਤੇ ਲਾਗੂ ਨਹੀਂ ਹੋਣਗੇ। ਹੋਮ ਗਾਰਡ ਜਾਂ ਹੋਰ ਸਰਕਾਰੀ ਕਰਮਚਾਰੀ ਜੋ ਆਪਣੀਆਂ ਡਿਊਟੀਆਂ ਨਿਭਾਉਂਦੇ ਸਮੇਂ ਰਾਜ ਦੀ ਸੁਰੱਖਿਆ ਅਤੇ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਹਥਿਆਰ ਰੱਖ ਸਕਦੇ ਹਨ ਅਤੇ ਨਾਲ ਹੀ ਵਿਦਿਅਕ ਅਦਾਰਿਆਂ/ਵਪਾਰਕ ਅਦਾਰਿਆਂ (ਹੋਟਲ/ਮੈਰਿਜ ਪੈਲੇਸ ਆਦਿ) ਦੇ ਸੁਰੱਖਿਆ ਗਾਰਡ/ ਕਰਮਚਾਰੀ ਵੀ ਆਪਣੀਆਂ ਆਮ ਡਿਊਟੀਆਂ ਦੌਰਾਨ ਹਥਿਆਰ ਰੱਖ ਸਕਦੇ ਹਨ।

ਉਨ੍ਹਾਂ ਅੱਗੇ ਕਿਹਾ ਕਿ ਜ਼ਿਲ੍ਹਾ ਵਾਸੀ ਹਥਿਆਰਾਂ ਨੂੰ ਲਹਿਰਾਉਂਦੇ ਦੀ ਜਾਂ ਪ੍ਰਦਰਸ਼ਿਤ ਕਰਦੇ ਦੀ ਕੋਈ ਤਸਵੀਰ ਜਾਂ ਵੀਡੀਓ ਸੋਸ਼ਲ ਮੀਡੀਆ ਤੇ ਅਪਲੋਡ ਨਹੀਂ ਕਰੇਗਾ। ਇਸ ਤੋਂ ਇਲਾਵਾ ਕੋਈ ਵੀ ਵਿਅਕਤੀ ਕਿਸੇ ਵੀ ਸਮਾਗਮ/ਕਾਰਜ/ਪ੍ਰੋਗਰਾਮ ਆਦਿ ਵਿੱਚ ਕੋਈ ਵੀ ਅਜਿਹਾ ਗੀਤ ਨਹੀਂ ਗਾਏਗਾ ਤੇ ਨਾ ਹੀ ਕੋਈ ਅਜਿਹਾ ਨਾਟਕ ਕਰੇਗਾ ਜਿਸ ਨਾਲ ਫਾਜ਼ਿਲਕਾ ਦੇ ਖੇਤਰੀ ਇਲਾਕਿਆਂ ਵਿੱਚ ਹਥਿਆਰ ਰੱਖਣ, ਪ੍ਰਦਰਸ਼ਨ ਜਾਂ ਵਰਤੋਂ ਦੀ ਵਡਿਆਈ ਕੀਤੀ ਜਾਵੇ।

ਇਸ ਤੋਂ ਇਲਾਵਾ ਸੋਸ਼ਲ ਮੀਡੀਆ 'ਤੇ ਅਜਿਹੀ ਕਿਸੇ ਵੀ ਵੀਡੀਓ ਨੂੰ ਅਪਲੋਡ ਕਰਨ 'ਤੇ ਪੂਰੀ ਤਰ੍ਹਾਂ ਪਾਬੰਦੀ ਹੋਵੇਗੀ।

ਉਨ੍ਹਾਂ ਕਿਹਾ ਕਿ ਹਥਿਆਰਾਂ ਦਾ ਜਨਤਕ ਪ੍ਰਦਰਸ਼ਨ, ਭਾਵੇਂ ਸਰੀਰਕ ਤੌਰ 'ਤੇ ਹੋਵੇ ਜਾਂ ਸੋਸ਼ਲ ਮੀਡੀਆ 'ਤੇ ਤਸਵੀਰਾਂ ਅਤੇ ਵੀਡੀਓਜ਼ ਦੇ ਜ਼ਰੀਏ, ਹਥਿਆਰਾਂ ਦਾ ਪ੍ਰਦਰਸ਼ਨ ਲੋਕਾਂ ਵਿੱਚ ਅਸੁਰੱਖਿਆ ਪੈਦਾ ਕਰਦਾ ਹੈ ਤੇ ਕਾਨੂੰਨ ਵਿਵਸਥਾ ਦੀ ਸਥਿਤੀ ਨੂੰ ਵਿਗੜਨ ਦੀ ਸੰਭਾਵਨਾ ਰੱਖਦਾ ਹੈ ਅਤੇ ਅਜਿਹੇ ਰੁਝਾਨ ਹਥਿਆਰ ਰੱਖਣ ਲਈ ਲਾਇਸੈਂਸ ਜਾਰੀ ਕਰਨ ਵਾਲੇ ਅਸਲਾ ਐਕਟ ਅਤੇ ਨਿਯਮਾਂ ਦੀ ਭਾਵਨਾ ਦੇ ਉਲਟ ਵੀ ਹਨ।

ਉਨਾਂ ਕਿਹਾ ਕਿ ਪੰਜਾਬ ਰਾਜ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਲਾਇਸੰਸਸ਼ੁਦਾ ਹਥਿਆਰਾਂ ਦੀ ਦੁਰਵਰਤੋਂ ਦੀਆਂ ਘਟਨਾਵਾਂ ਦੀ ਰਿਪੋਰਟ ਕੀਤੀ ਗਈ ਹੈ ਜਿਸ ਨਾਲ ਜ਼ਿਲ੍ਹੇ ਦੀਆਂ ਖੇਤਰੀ ਸੀਮਾਵਾਂ ਦੇ ਅੰਦਰ ਲਾਇਸੰਸਸ਼ੁਦਾ ਹਥਿਆਰਾਂ ਦੀ ਦੁਰਵਰਤੋਂ ਬਾਰੇ ਵਾਜਬ ਖਦਸ਼ਾ ਪੈਦਾ ਹੋਇਆ ਹੈ। ਜਿਸ ਨੂੰ ਦੇਖਦਿਆਂ ਇਹ ਹੁਕਮ ਜਾਰੀ ਕੀਤਾ ਜਾਂਦਾ ਹੈ ।

# ਧਰਮਸੋਤ ਦੀ ਅਗਵਾਈ ਹੇਠ ਵਾਰਡ ਨੰਬਰ 11 ਵਿੱਚ 5 ਸੇਵਾ ਸੈਂਟਰ ਦਾ ਉਦਘਾਟਨ

**ਨਾਭਾ, 5 ਸਤੰਬਰ**
**-ਹਰਸ਼ਪ੍ਰੀਤ ਕੌਰ-**



ਨਾਭਾ ਦੇ ਵਾਰਡ ਨੰਬਰ 11 ਦੇ ਕੌਂਸਲਰ ਸ਼੍ਰੀਮਤੀ ਡਾਕਟਰ ਗੀਤਾ ਡੱਲਾ ਜੀ ਪਤਨੀ ਸ੍ਰੀ ਡਾਕਟਰ ਬਿਕਰਮ ਡੱਲਾ ਜੀ ਦੇ 5 ਸੇਵਾ ਦਫਤਰ ਦਾ ਉਦਘਾਟਨ ਸਰਦਾਰ ਸਾਧੂ ਸਿੰਘ ਧਰਮਸੋਤ ਸਾਬਕਾ ਕੈਬਿਨੇਟ ਮੰਤਰੀ ਵੱਲੋਂ ਕਰਵਾਇਆ ਗਿਆ। ਇਸ ਦਫਤਰ ਵਿੱਚ ਵਾਰਡ ਨੰਬਰ 11 ਦੇ ਫਰੀ ਪੈਨਸ਼ਨ ਫਾਰਮ, ਰਾਸ਼ਨ ਕਾਰਡ ਦੇ ਫਾਰਮ ਅਤੇ ਹੋਰ ਸਰਕਾਰੀ ਸਹੂਲਤਾਂ ਦੇ ਫਾਰਮ ਫਰੀ ਭਰੇ ਜਾਣਗੇ। ਇਸ ਮੌਕੇ ਮੇਰੇ ਨਾਲ ਸਾਬਕਾ ਚੇਅਰਮੈਨ ਸਰਦਾਰ ਜਗਜੀਤ ਸਿੰਘ ਦੁਲੱਦੀ, ਸੀਨੀਅਰ ਕੌਂਸਲਰ ਸ੍ਰੀ ਹਰਿ ਕ੍ਰਿਸ਼ਨ ਸੇਠ, ਕੌਂਸਲਰ ਸ੍ਰੀ ਬਿੱਟੂ ਮੌਲਾ, ਕੌਂਸਲਰ ਸਲੀਮ ਮੁਹੰਮਦ, ਸ੍ਰੀ ਚਰਨਜੀਤ ਬਾਤਿਸ਼, ਸ੍ਰੀ ਇੰਦਰਜੀਤ ਚੀਕੂ ਬਲਾਕ ਸੰਮਤੀ ਮੈਂਬਰ, ਸ਼੍ਰੀ ਅਨਿਲ ਬੱਬੂ, ਸ੍ਰੀ ਸ਼ਸ਼ੀ ਜਿੰਦਲ, ਸ ਗੁਰਚਰਨ ਸਿੰਘ, ਸ੍ਰੀ ਅਜੈਬ ਸਿੰਘ ਜੈਬੂ, ਬਚਿੱਤਰ ਸਿੰਘ, ਸ. ਕੁਲਵੰਤ ਸਿੰਘ ਅਤੇ ਵਾਰਡ ਨੰਬਰ 11 ਦੇ ਹੋਰ ਸਾਥੀ ਹਾਜ਼ਰ ਸਨ।

# ਕੇ.ਵੀ.ਕੇ.ਸੰਗਰੂਰ ਵੱਲੋਂ ਬੀਜ ਉਤਪਾਦਨ-ਇੱਕ ਉੱਦਮ ਵਜੋਂ ਵਿਸ਼ੇ 'ਤੇ ਕਿੱਤਾ ਮੁਖੀ ਸਿਖਲਾਈ ਕੋਰਸ ਦਾ ਆਯੋਜਨ



**ਸੰਗਰੂਰ, 5 ਸਤੰਬਰ**
**-ਜਗਦੇਵ ਰੰਚਨਾਂ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਦੇ ਡਾਇਰੈਕਟੋਰੇਟ ਪਸਾਰ ਸਿੱਖਿਆ ਅਤੇ ਡਾਇਰੈਕਟਰ, ਆਈ.ਸੀ.ਏ.ਆਰ.-ਅਟਾਰੀ, ਜ਼ੋਨ-1, ਲੁਧਿਆਣਾ ਦੀ ਅਗਵਾਈ ਹੇਠ ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਵੱਲੋਂ ਕਿਸਾਨਾਂ ਅਤੇ ਪੇਂਡੂ ਨੌਜਵਾਨਾਂ ਲਈ ਬੀਜ ਉਤਪਾਦਨ - ਇੱਕ ਉੱਦਮ ਵਜੋਂ ਵਿਸ਼ੇ 'ਤੇ ਪੰਜ ਰੋਜ਼ਾ ਕਿੱਤਾ ਮੁਖੀ ਸਿਖਲਾਈ ਕੋਰਸ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ 19 ਕਿਸਾਨਾਂ ਨੇ ਭਾਗ ਲਿਆ। ਇਸ ਸਿਖਲਾਈ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਵਾਧੂ ਆਮਦਨ ਅਤੇ ਰੁਜ਼ਗਾਰ ਦੇ ਸਾਧਨ ਮੁਹੱਈਆ ਕਰਵਾਉਣਾ ਸੀ।

ਸਿਖਲਾਈ ਦੇ ਉਦਘਾਟਨੀ ਸੈਸ਼ਨ ਦੌਰਾਨ ਡਾ. ਮਨਦੀਪ ਸਿੰਘ, ਇੰਚਾਰਜ, ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਨੇ ਭਾਗ ਲੈਣ ਵਾਲੇ ਕਿਸਾਨਾਂ ਦਾ ਨਿੱਘਾ ਸਵਾਗਤ ਕੀਤਾ ਅਤੇ ਖੇਤੀਬਾੜੀ ਵਿੱਚ ਸਹਾਇਕ ਧੰਦੇ ਵਜੋਂ ਬੀਜ ਉਤਪਾਦਨ ਦੇ ਘੇਰੇ ਅਤੇ ਮਹੱਤਵ ਬਾਰੇ ਚਾਨਣਾ ਪਾਇਆ। ਉਨ੍ਹਾਂ ਕੇਂਦਰ ਵੱਲੋਂ ਸਮੇਂ-ਸਮੇਂ 'ਤੇ ਕਰਵਾਏ ਜਾਂਦੇ ਕਿੱਤਾਮੁਖੀ ਸਿਖਲਾਈ ਕੋਰਸਾਂ ਅਤੇ ਹੋਰ ਪਸਾਰ ਗਤੀਵਿਧੀਆਂ ਬਾਰੇ ਵੀ ਜਾਣਕਾਰੀ ਦਿੱਤੀ।

ਇਸ ਸਿਖਲਾਈ ਕੋਰਸ ਦੇ ਕੋਆਰਡੀਨੇਟਰ ਡਾ. ਰੁਕਿੰਦਰ ਪ੍ਰੀਤ ਸਿੰਘ ਧਾਲੀਵਾਲ, ਸਹਾਇਕ ਪ੍ਰੋਫੈਸਰ (ਐਗਰੋਨੋਮੀ) ਨੇ ਸਿਖਿਆਰਥੀਆਂ ਨੂੰ ਝੋਨਾ, ਕਣਕ, ਮੱਕੀ, ਮੂੰਗੀ ਅਤੇ ਆਲੂ ਦੀਆਂ ਫਸਲਾਂ ਦੇ ਬੀਜ ਉਤਪਾਦਨ ਲਈ ਵਿਗਿਆਨਕ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਉੱਚ ਗੁਣਵੱਤਾ ਵਾਲੇ ਬੀਜ ਉਤਪਾਦਨ ਲਈ ਚੰਗੇ ਬੀਜ ਸਰੋਤ ਦੀ ਮਹੱਤਤਾ, ਫ਼ਸਲਾਂ ਅਤੇ ਕਿਸਮਾਂ ਦੀ ਆਪਸੀ ਦੂਰੀ, ਨਦੀਨਾਂ ਅਤੇ ਰੋਗੀ ਬੂਟਿਆਂ ਦੀ ਰੋਗਿੰਗ ਅਤੇ ਵੱਖ-ਵੱਖ ਫਸਲਾਂ ਦੇ ਬੀਜਾਂ ਦੀ ਸੰਭਾਲ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ। ਬੀਜਾਂ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਦੇ ਪ੍ਰਬੰਧਨ ਬਾਰੇ ਵੀ ਕਿਸਾਨਾਂ ਨਾਲ ਵਿਸਥਾਰ ਨਾਲ ਵਿਚਾਰ ਕੀਤਾ ਗਿਆ।

ਡਾ. ਰਵਿੰਦਰ ਕੌਰ, ਐਸੋਸੀਏਟ ਪ੍ਰੋਫੈਸਰ (ਸਬਜ਼ੀ ਵਿਗਿਆਨ) ਨੇ ਸਬਜ਼ੀਆਂ ਦੇ ਬੀਜ ਉਤਪਾਦਨ ਦੀਆਂ ਤਕਨੀਕਾਂ ਬਾਰੇ ਚਰਚਾ ਕੀਤੀ ਅਤੇ ਸਬਜ਼ੀਆਂ ਦੇ ਬੀਜ ਉਤਪਾਦਨ ਦੀ ਆਰਥਿਕਤਾ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ। ਸ੍ਰੀ ਦਮਨਪ੍ਰੀਤ ਸਿੰਘ, ਖੇਤੀਬਾੜੀ ਵਿਕਾਸ ਅਫਸਰ (ਬੀਜ), ਸੰਗਰੂਰ ਨੇ ਕਿਸਾਨਾਂ ਨੂੰ ਬੀਜ ਐਕਟ 1966 ਦੀਆਂ ਵਿਵਸਥਾਵਾਂ ਤੋਂ ਜਾਣੂ ਕਰਵਾਇਆ ਅਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਤੋਂ ਬੀਜ ਉਤਪਾਦਕ ਅਤੇ ਬੀਜ ਵਿਕਰੇਤਾ ਦਾ ਲਾਇਸੈਂਸ ਪ੍ਰਾਪਤ ਕਰਨ ਦੀ ਜਾਣਕਾਰੀ ਅਤੇ ਵਿਧੀ ਸਾਂਝੀ ਕੀਤੀ।

ਡਾ. ਬੂਟਾ ਸਿੰਘ ਰੋਮਾਣਾ, ਡਾਇਰੈਕਟਰ, ਅਕਾਲ ਸੀਡ ਫਾਰਮ, ਮਸਤੂਆਣਾ ਸਾਹਿਬ ਨੇ ਬੀਜ ਉਤਪਾਦਨ ਦੇ ਆਪਣੇ ਵਿਸ਼ਾਲ ਤਜ਼ਰਬੇ ਨੂੰ ਭਾਗ ਲੈਣ ਵਾਲੇ ਕਿਸਾਨਾਂ ਨਾਲ ਸਾਂਝਾ ਕੀਤਾ। ਉਨ੍ਹਾਂ ਗੁਣਵੱਤਾ ਭਰਪੂਰ ਬੀਜ ਉਤਪਾਦਨ ਕਰਨ ਲਈ ਬੀਜ ਗ੍ਰੇਡਿੰਗ ਦੀ ਮਹੱਤਤਾ ਅਤੇ ਬੀਜ ਗ੍ਰੇਡਿੰਗ ਦੇ ਵੱਖ-ਵੱਖ ਪੜਾਵਾਂ ਬਾਰੇ ਵੀ ਜਾਣਕਾਰੀ ਦਿੱਤੀ।

ਸਿਖਿਆਰਥੀਆਂ ਦਾ ਅਕਾਲ ਸੀਡ ਫਾਰਮ, ਮਸਤੂਆਣਾ ਸਾਹਿਬ ਅਤੇ ਖੇਤਰੀ ਖੋਜ ਕੇਂਦਰ, ਖੇੜੀ ਦਾ ਵਿੱਦਿਅਕ ਦੌਰਾ ਵੀ ਕਰਵਾਇਆ ਗਿਆ, ਜਿੱਥੇ ਉਨ੍ਹਾਂ ਨੇ ਬੀਜ ਉਤਪਾਦਨ ਦੇ ਵਿਹਾਰਕ ਅਤੇ ਵਿਗਿਆਨਕ ਪੱਖਾਂ ਬਾਰੇ ਪ੍ਰੈਕਟਿਕਲ ਗਿਆਨ ਹਾਸਲ ਕੀਤਾ।

# ਭਾਦਸੋਂ ਵਿਖੇ ਮਿਸ਼ਨ ਕਲੀਨ ਪੰਜਾਬ ਤਹਿਤ ਮਹਾਂ ਸਫਾਈ ਅਭਿਆਨ

**ਭਾਦਸੋਂ, 5 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਮਹਾ ਸਫਾਈ ਅਭਿਆਨ ਤਹਿਤ ਭਾਦਸੋਂ ਵਿਖੇ ਨਾਭਾ ਰੋਡ ਅਤੇ ਵਾਰਡ ਨੰ. 11 ਦੀ ਸਾਫ-ਸਫਾਈ ਕਰਵਾਈ ਗਈ। ਜਿਸ ਵਿੱਚ ਪ੍ਰਧਾਨ ਨਗਰ ਪੰਚਾਇਤ ਭਾਦਸੋਂ, ਕਾਰਜ ਸਾਧਕ ਅਫਸਰ ਨਗਰ ਪੰਚਾਇਤ ਭਾਦਸੋਂ ਦੇ ਨਾਲ ਸਮੂਹ ਸਫਾਈ ਕਰਮਚਾਰੀਆਂ, ਮਨਦੀਪ ਕੌਰ ਸੀ.ਐਫ., ਸਤਨਾਮ ਸਿੰਘ ਸੁਪਰਵਾਈਜਰ ਪੈਸਕੋ ਟੀਮ, ਆਸਰਾ ਵੈਲਫੇਅਰ ਐਸੋਸੀਏਸ਼ਨ ਦੇ ਮੈਂਬਰ ਅਤੇ ਅਮਨਦੀਪ ਕੌਰ ਮੋਟੀਵੇਟਰ ਵੱਲੋਂ ਸਮੂਲੀਅਤ ਕੀਤੀ ਗਈ। ਇਸ ਮੌਕੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਉਹ ਆਪਣੇ ਘਰਾਂ ਅਤੇ ਆਲੇ-ਦੁਆਲੇ ਦੀ ਸਫਾਈ ਦਾ ਵਿਸ਼ੇਸ ਧਿਆਨ ਰੱਖਣ, ਕੂੜਾ ਇਧਰ -ਉਧੱਰ ਨਾ ਸੁੱਟਣ, ਗਿੱਲਾ ਅਤੇ ਸੁੱਕਾ ਕੂੜਾ ਅਲੱਗ-ਅਲੱਗ ਕਰਕੇ ਨਗਰ ਪੰਚਾਇਤ ਭਾਦਸੋਂ ਦੇ ਸਫਾਈ ਸੇਵਕਾਂ ਦੀ ਰੇਹੜੀ ਵਿੱਚ ਪਾਇਆ ਜਾਵੇ ਅਤੇ ਨਗਰ ਪੰਚਾਇਤ ਭਾਦਸੋਂ ਵੱਲੋਂ ਚਲਾਈ ਜਾ ਰਹੀ ਸਫਾਈ ਅਭਿਆਨ ਮੁਹਿੰਮ ਵਿੱਚ ਪੂਰਾ ਸਹਿਯੋਗ ਦੇਣ।

# ਸ੍ਰੀ ਕ੍ਰਿਸ਼ਨ ਜਨਮਾਸ਼ਟਮੀ ਤੇ ਗਊਸ਼ਾਲਾ ਵਿਖੇ ਗਊ ਸੇਵਕ ਮੰਡਲ ਨੇ ਕੀਤੀ ਵਿਸ਼ੇਸ਼ ਗਊ ਸੇਵਾ

**ਮਲੇਰਕੋਟਲਾ, 5 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਸ੍ਰੀ ਕ੍ਰਿਸ਼ਨ ਜਨਮਾਸ਼ਟਮੀ ਦਾ ਪਵਿੱਤਰ ਤਿਓਹਾਰ ਸਥਾਨਕ ਗਊਸ਼ਾਲਾ ਧੂਰੀ ਰੋਡ ਵਿਖੇ ਵਡੀ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਗਊ ਸੇਵਕ ਮੰਡਲ ਵੱਲੋਂ ਗਊਮਾਤਾ ਲਈ ਵਿਸ਼ੇਸ਼ ਸੇਵਾ ਕੀਤੀ ਗਈ। ਗਊ ਸੇਵਕ ਮੰਡਲ ਦੇ ਵਿਸ਼ਾਲ ਗੋਇਲ ਨੇ ਦੱਸਿਆ ਕਿ ਗਊਮਾਤਾ ਦੀ ਸੇਵਾ ਲਈ 220 ਕਿੱਲੋ ਦੇ 2 ਗਊ-ਗ੍ਰਾਸ ਕੇਕ, 70 ਕਿੱਲੋ ਕੇਲੇ, 180 ਕਿੱਲੋ ਸੇਬ, 40 ਕਿੱਲੋ ਜੌਂ ਦੇ ਦਾਣੇ ਦੇ ਪੇੜੇ, 15 ਕਿੱਲੋ ਸਰੋਂ ਦੀ ਖਲ, 15 ਕਿੱਲੋ ਚਨੇ ਦੇ ਛਿਲਕੇ, 15 ਕਿੱਲੋ ਚੋਕਰ, 15 ਕਿੱਲੋ ਤਾਰਾਮੀਰਾ, 15 ਕਿੱਲੋ ਸ਼ੱਕਰ ਅਤੇ 15 ਕਿੱਲੋ ਜੌਂ ਦੇ ਦਾਣੇ ਗਊਮਾਤਾ ਆਹਾਰ ਦੇ ਰੂਪ ਵਿਚ ਭੇਂਟ ਕੀਤੇ ਗਏ ਹਨ।

ਸੰਜਿਵ ਗੁਪਤਾ, ਆਸ਼ੀਸ਼ ਜਿੰਦਲ ਅਤੇ ਵਿਨੇ ਚਾਨਾ ਨੇ ਅੱਗੇ ਦੱਸਿਆ ਕਿ ਜਨਮਾਸ਼ਟਮੀ ਦੇ ਪੱਵਿਤਰ ਮੌਕੇ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੀ ਕਿਰਪਾ ਪ੍ਰਾਪਤ ਕਰਨ ਦਾ ਸਭ ਤੋਂ ਸਰਲ ਤਰੀਕਾ ਗਊ ਸੇਵਾ ਹੈ।

# ਸਿਟੀ-1 ਟਰੈਫਿਕ ਇੰਨਚਾਰਜ ਪਟਿਆਲਾ ਲੱਗਣ ਤੇ ਤਰਸੇਮ ਕੁਮਾਰ ਨੂੰ ਸਨਮਾਨਿਤ



**ਪਟਿਆਲਾ, 5 ਸਤੰਬਰ**
**-ਬਲਜੀਤ ਸਰਨਾ-**

ਪੰਜਾਬ ਪ੍ਰਧਾਨ ਹਿਊਮਨ ਸਰਵਿਸ ਸੋਸਾਇਟੀ ਦੀ ਟੀਮ ਵਲੋਂ ਇਨਚਾਰਜ ਤਰਸੇਮ ਕੁਮਾਰ ਨੂੰ ਸਰੋਪਾ ਤੇ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਜਤਿੰਦਰ ਸ਼ਰਮਾ ਨੇ ਦੱਸਿਆ ਕਿ ਇਕ ਬਹੁਤ ਹੀ ਇਮਾਨਦਾਰ ਤੇ ਦਲੇਰ ਅਫਸਰ ਹਨ। ਉਨ੍ਹਾਂ ਨੇ ਚੰਗੇ ਕੰਮਾਂ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਡੀ.ਜੀ.ਪੀ. ਡਿਸਕ ਨਾਲ ਸਰਕਾਰ ਵਲੋਂ ਦਲੇਰੀ ਦੇ ਐਵਾਰਡ ਨਾਲ ਸਨਮਾਨ ਵੀ ਮਿਲ ਚੁੱਕਾ ਹੈ। ਜਿਸ ਥਾਣੇ ਵਿੱਚ ਉਨ੍ਹਾਂ ਨੇ ਸੇਵਾ ਨਿਭਾਈ ਹੈ। ਅੱਜ ਵੀ ਲੋਕ ਉਨ੍ਹਾਂ ਦੀ ਦਿਲ ਤੋਂ ਇੱਜਤ ਕਰਦੇ ਹਨ। ਸ਼ਹਿਰ ਵਾਸੀ ਉਨ੍ਹਾਂ ਦੇ ਟਰੈਫਿਕ ਇੰਨਚਾਰਜ ਸਿਟੀ—1 ਲੱਗਣ ਤੇ ਬਹੁਤ ਖੁਸ਼ ਹਨ। ਉਹ ਸਾਡੀ ਟੀਮ ਨਾਲ ਮਿਲ ਕੇ ਸਮਾਜ ਸੇਵਾ ਦਾ ਕੰਮ ਵੀ ਕਾਫੀ ਲੰਬੇ ਸਮੇਂ ਤੋਂ ਕਰ ਰਹੇ ਹਨ ਉਹ ਇੱਕ ਵਧੀਆ ਸਮਾਜ ਸੇਵੀ ਵੀ ਹਨ। ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਪੰਜਾਬ ਪ੍ਰਧਾਨ ਜਤਿੰਦਰ ਸ਼ਰਮਾ ਪੰਜਾਬ ਚੇਅਰਪ੍ਰਸਨ ਵਰਸ਼ਾ ਗੋਇਲ, ਪ੍ਰਧਾਨ ਗੁਰਮੇਲ ਸਿੰਘ ਤੇ ਹੋਰ ਟੀਮ ਮੈਂਬਰ ਮੌਜੂਦ ਰਹੇ।

# ਮਿਸ਼ਨ ਕਲੀਨ ਪੰਜਾਬ ਜਨਮ ਅਸ਼ਟਮੀ ਦੇ ਮੱਦੇਨਜ਼ਰ ਮਾਲੇਰਕੋਟਲਾ ਦੇ ਧਾਰਮਿਕ ਸਥਾਨਾਂ ਦੀ ਵਿਸ਼ੇਸ਼ ਸ.ਫਾਈ

**ਮਲੇਰਕੋਟਲਾ, 5 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ 10 ਰੋਜਾਂ 'ਮਿਸ਼ਨ ਕਲੀਨ ਪੰਜਾਬ ਤਹਿਤ ਨਗਰ ਕੌਂਸਲ ਮਾਲੇਰਕੋਟਲਾ ਵੱਲੋਂ ਅੱਜ ਅਭਿਆਨ ਦੇ ਸੱਤਵੇਂ ਦਿਨ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਪਵਿੱਤਰ ਤਿਉਹਾਰ ਨੂੰ ਮੁੱਖ ਰੱਖਦਿਆਂ ਸ਼ਹਿਰ ਦੇ ਵੱਖ-ਵੱਖ ਧਾਰਮਿਕ ਸਥਾਨਾਂ ਅਤੇ ਉਨ੍ਹਾਂ ਦੇ ਆਲੇ-ਦੁਆਲੇ ਵਿਸ਼ੇਸ਼ ਸ.ਫਾਈ ਮੁਹਿੰਮ ਚਲਾਈ ਗਈ।

ਕਾਰਜ ਸਾਧਕ ਅ.ਫਸਰ ਮਾਲੇਰਕੋਟਲਾ ਚੰਦਰ ਪ੍ਰਕਾਸ਼ ਵਧਵਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅਤੇ ਸੈਨਟਰੀ ਅ.ਫਸਰ ਪਰਮਜੀਤ ਸਿੰਘ ਦੀ ਅਗਵਾਈ ਵਿੱਚ ਨਗਰ ਕੌਂਸਲ ਦੀਆਂ ਸ.ਫਾਈ ਟੀਮਾਂ ਵੱਲੋਂ ਸ਼ਹਿਰ ਦੇ ਪ੍ਰਮੁੱਖ ਧਾਰਮਿਕ ਸਥਾਨਾਂ ਦੇ ਆਲੇ-ਦੁਆਲੇ ਸ.ਫਾਈ ਕਰਵਾਈ ਗਈ।

ਇਸ ਦੌਰਾਨ ਸ੍ਰੀ ਵਿਸ਼ਵਕਰਮਾ ਮੰਦਰ, ਸ੍ਰੀ ਵਾਲਮੀਕਿ ਮੰਦਰ, ਸ੍ਰੀ ਕਾਲੀ ਮਾਤਾ ਮੰਦਰ, ਸ੍ਰੀ ਹਨੂਮਾਨ ਮੰਦਰ, ਕੁੱਟੀ ਰੋਡ ਸਥਿਤ ਸ੍ਰੀ ਲਵ-ਕੁਸ਼ ਮੰਦਰ ਅਤੇ ਸ੍ਰੀ ਗੋਪਾਲ ਭਵਨ ਮੰਦਰ ਸਮੇਤ ਹੋਰ ਧਾਰਮਿਕ ਸਥਾਨਾਂ ਦੇ ਆਲੇ-ਦੁਆਲੇ ਸ.ਫਾਈ ਕਰਕੇ ਚੂਨਾ-ਕਲੀ ਪਵਾਈ ਗਈ।

ਇਸ ਮੌਕੇ ਧਾਰਮਿਕ ਸਥਾਨਾਂ ਦੇ ਆਲੇ-ਦੁਆਲੇ ਸ.ਫਾਈ ਵਿਵਸਥਾ ਨੂੰ ਸੁਚੱਜਾ ਬਣਾਉਣ ਦੇ ਨਾਲ-ਨਾਲ ਲੋਕਾਂ ਨੂੰ ਸ.ਫਾਈ ਪ੍ਰਤੀ ਜਾਗਰੂਕ ਵੀ ਕੀਤਾ ਗਿਆ। ਸ.ਫਾਈ ਟੀਮਾਂ ਵੱਲੋਂ ਇਲਾਕਾ ਨਿਵਾਸੀਆਂ ਨੂੰ ਆਪਣੇ ਘਰਾਂ ਅਤੇ ਆਲੇ-ਦੁਆਲੇ ਸ.ਫਾਈ ਬਣਾਈ ਰੱਖਣ, ਕੂੜਾ ਖੁੱਲ੍ਹੇ ਵਿੱਚ ਨਾ ਸੁੱਟਣ ਅਤੇ ਗਿੱਲੇ ਤੇ ਸੁੱਕੇ ਕੂੜੇ ਦੀ ਸਹੀ ਸੰਭਾਲ ਲਈ ਚਾਰ ਪ੍ਰਕਾਰ ਦੇ ਡਸਟਬਿਨ ਦੀ ਵਰਤੋਂ ਕਰਨ ਦੀ ਅਪੀਲ ਕੀਤੀ ਗਈ।

ਸੈਨਟਰੀ ਅ.ਫਸਰ ਪਰਮਜੀਤ ਸਿੰਘ ਨੇ ਕਿਹਾ ਕਿ ਧਾਰਮਿਕ ਤਿਉਹਾਰਾਂ ਦੇ ਮੱਦੇਨਜ਼ਰ ਸ਼ਹਿਰ ਦੇ ਧਾਰਮਿਕ ਸਥਾਨਾਂ ਅਤੇ ਜਨਤਕ ਥਾਵਾਂ ਦੀ ਸ.ਫਾਈ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਸਾਫ਼-ਸੁਥਰਾ ਵਾਤਾਵਰਣ ਬਣਾਈ ਰੱਖਣਾ ਸਿਰਫ਼ ਪ੍ਰਸ਼ਾਸਨ ਦੀ ਹੀ ਨਹੀਂ, ਸਗੋਂ ਹਰੇਕ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਲੋਕਾਂ ਨੂੰ '10 ਦਿਨਾਂ ਮਹਾਂ-ਸਫਾਈ ਅਭਿਆਨ' ਵਿੱਚ ਵੱਧ-ਚੜ੍ਹ ਕੇ ਸਹਿਯੋਗ ਦੇਣ ਦੀ ਅਪੀਲ ਕੀਤੀ।

ਇਸ ਮੌਕੇ ਨਗਰ ਕੌਂਸਲ ਦੇ ਅਧਿਕਾਰੀ-ਕਰਮਚਾਰੀ ਅਤੇ ਸਵੱਛ ਭਾਰਤ ਮਿਸ਼ਨ ਦੀ ਟੀਮ ਵੀ ਮੌਜੂਦ ਰਹੀ।

# ਅਣਪਛਾਤੇ ਵਿਅਕਤੀਆਂ ਵੱਲੋਂ ਕਿਸਾਨ ਦੇ ਕਰੀਬ 100 ਬੂਟੇ ਹਾਈਬ੍ਰਿਡ ਸਫੈਦੇ ਦੇ ਪੁੱਟੇ



**ਮਾਛੀਵਾੜਾ ਸਾਹਿਬ, 5 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਛੀਵਾੜਾ ਸਾਹਿਬ ਦੇ ਕੋਹਾੜਾ ਰੋਡ 'ਤੇ ਬਾਬਾ ਖੜਕ ਸਿੰਘ ਦੇ ਦਰਬਾਰ ਨੇੜੇ ਇੱਕ ਜ਼ਮੀਨ ਵਿੱਚ ਲਗਾਏ ਗਏ ਕਰੀਬ 100 ਸਫੈਦਿਆਂ ਦੇ ਬੂਟੇ ਅਣਪਛਾਤੇ ਸ਼ਰਾਰਤੀ ਅਨਸਰ ਵੱਲੋਂ ਪੁੱਟੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ।

ਇਸ ਸਬੰਧੀ ਮਾਛੀਵਾੜਾ ਸਾਹਿਬ ਵਾਸੀ ਗੁਰਦੀਪ ਸਿੰਘ ਅਤੇ ਪ੍ਰਿਤਪਾਲ ਸਿੰਘ ਪੁੱਤਰ ਸੁਰਜੀਤ ਸਿੰਘ ਵੱਲੋਂ ਪੁਲਿਸ ਥਾਣਾ ਮਾਛੀਵਾੜਾ ਸਾਹਿਬ ਵਿਖੇ ਦਰਖਾਸਤ ਦਿੱਤੀ ਗਈ ਹੈ। ਦਰਖਾਸਤ ਵਿੱਚ ਦੱਸਿਆ ਗਿਆ ਕਿ ਉਨ੍ਹਾਂ ਦੀ ਜ਼ਮੀਨ ਵਿੱਚ ਕਰੀਬ ਇੱਕ ਮਹੀਨਾ ਪਹਿਲਾਂ ਹਾਈਬ੍ਰਿਡ 288 ਕਿਸਮ ਦੇ ਲਗਭਗ 100 ਸਫੈਦਿਆਂ ਦੇ ਬੂਟੇ ਲਗਾਏ ਗਏ ਸਨ।

ਉਨ੍ਹਾਂ ਦੱਸਿਆ ਕਿ ਜ਼ਮੀਨ ਦੇ ਆਲੇ-ਦੁਆਲੇ ਕੰਡੇਦਾਰ ਤਾਰ ਲੱਗੀ ਹੋਈ ਹੈ ਅਤੇ ਬੂਟੇ ਤਾਰ ਦੇ ਅੰਦਰਲੇ ਪਾਸੇ ਲਗਾਏ ਗਏ ਸਨ। ਇਸ ਦੇ ਬਾਵਜੂਦ ਕਿਸੇ ਅਣਪਛਾਤੇ ਵਿਅਕਤੀ ਵੱਲੋਂ ਸਾਰੇ ਬੂਟੇ ਪੁੱਟ ਦਿੱਤੇ ਗਏ, ਜਿਸ ਕਾਰਨ ਉਨ੍ਹਾਂ ਦਾ ਕਾਫ਼ੀ ਨੁਕਸਾਨ ਹੋਇਆ ਹੈ।

ਉਹਨਾਂ ਕਿਹਾ ਕਿ ਇੱਕ ਪਾਸੇ ਜਿੱਥੇ ਇਹਨਾਂ ਬੂਟਿਆਂ ਰਾਹੀਂ ਵਾਤਾਵਰਨ ਨੂੰ ਸ਼ੁੱਧ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਉੱਥੇ ਹੀ ਰਹੇ ਸ਼ਰਾਰਤੀ ਕਿਸਮ ਦੇ ਲੋਕ ਜਿੱਥੇ ਇਹ ਬੂਟੇ ਪੁੱਟ ਕੇ ਕਿਸਾਨ ਦਾ ਲੱਖਾ ਰੁਪਏ ਦਾ ਨੁਕਸਾਨ ਕਰ ਗਏ ਹਨ ਉਥੇ ਹੀ ਵਾਤਾਵਰਨ ਨੂੰ ਸ਼ੁੱਧ ਕਰਨ ਦੀ ਬਜਾਏ ਪ੍ਰਦੂਸ਼ਿਤ ਕਰਨ ਵਾਲਿਆਂ ਵਿੱਚੋਂ ਮੋਹਰੀ ਹਨ।

ਪੀੜਤਾਂ ਨੇ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਮਾਮਲੇ ਦੀ ਜਾਂਚ ਕਰਕੇ ਅਣਪਛਾਤੇ ਵਿਅਕਤੀ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਉਨ੍ਹਾਂ ਨੂੰ ਇਨਸਾਫ਼ ਦਿਵਾਇਆ ਜਾਵੇ।

# ਸਾਬਕਾ ਮੁੱਖ ਮੰਤਰੀ ਚੰਨੀ ਵੱਲੋਂ ਵੱਖ ਵੱਖ ਪਿੰਡਾਂ ਵਿੱਚ ਭਰਮੀਆਂ ਮੀਟਿੰਗਾਂ ਪੰਜਾਬ ਸਰਕਾਰ ਤੋਂ ਹਰ ਵਰਗ ਦੁਖੀ: ਚੰਨੀ

**ਮੋਰਿੰਡਾ, 5 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਮੋਰਿੰਡਾ ਬਲਾਕ ਸੰਮਤੀਆਂ ਅਨੁਸਾਰ ਵੱਖ ਵੱਖ ਪਿੰਡਾਂ ਵਿੱਚ ਕੀਤੀਆਂ ਗਈਆਂ ਜਿਸ ਵਿੱਚ ਵੱਡੇ ਪੱਧਰ ਤੇ ਇਲਾਕਾ ਨਿਵਾਸੀਆਂ ਨੇ ਸ਼ਮੂਲੀਅਤ ਕੀਤੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਦਫਤਰ ਸਕੱਤਰ ਜਗਤਾਰ ਸਿੰਘ ਅਰਨੌਲੀ ਨੇ ਦੱਸਿਆ ਕਿ ਇਸ ਮੌਕੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਪਿੰਡ ਮਾਨਖੇੜੀ,ਰੰਗੀਆਂ ਕਜੌਲੀ ,ਮੁੰਡੀਆਂ ਸਮਾਣਾ ਕਲਾਂ ਅਤੇ ਪਿੰਡ ਅਮਰਾਲੀ ਵਿਖੇ ਭਰਵੀਆਂ ਮੀਟਿੰਗਾਂ ਨੂੰ ਸੰਬੋਧਨ ਕੀਤਾ ਗਿਆ । ਇਸ ਮੌਕੇ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਹਰ ਵਰਗ ਦੇ ਵਿਰੁੱਧ ਕੰਮ ਕਰ ਰਹੀ ਹੈ ਜਦਕਿ ਪੰਜਾਬ ਦਾ ਹਰ ਵਰਗ ਇਸ ਸਰਕਾਰ ਦੀਆਂ ਨੀਤੀਆਂ ਤੋਂ ਬੇਹੱਦ ਦੁਖੀ ਹੈ ਉਹਨਾਂ ਕਿਹਾ ਕਿ ਜਿਸ ਕਦਰ ਮੌਜੂਦਾ ਸਰਕਾਰ ਵੱਲੋਂ ਪਿਛਲੇ ਸਾਢੇ ਚਾਰ ਸਾਲ ਵਿੱਚ ਲਗਭਗ 2 ਲੱਖ ਕਰੋੜ ਦਾ ਕਰਜ਼ਾ ਲੈ ਕੇ ਇਸ਼ਤਿਹਾਰ ਬਾਜੀ ਅਤੇ ਦਿੱਲੀ ਦੇ ਹਾਕਮਾਂ ਨੂੰ ਐਸ਼ ਪ੍ਰਸਤੀ ਕਰਾਉਣ ਵਿੱਚ ਲੁਟਾਇਆ ਗਿਆ ਇਸ ਨਾਲ ਪੰਜਾਬ ਨੂੰ ਮੁੜ ਤੋਂ ਆਰਥਿਕ ਪੱਖੋਂ ਖੜਾ ਕਰਨ ਲਈ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣੀ ਜਰੂਰੀ ਹੈ ਕਿਉਂਕਿ ਕਾਂਗਰਸ ਪਾਰਟੀ ਵਿੱਚ ਡਾਕਟਰ ਮਨਮੋਹਨ ਸਿੰਘ ਵਰਗੇ ਅਰਥਸ਼ਾਸਤਰੀ ਵੀ ਹਨ ਜਿਨ੍ਹਾਂ ਨੇ ਦੇਸ਼ ਦੀ ਆਰਥਿਕਤਾ ਨੂੰ ਆਪਣੇ ਸੂਝ ਬੂਝ ਨਾਲ ਮੁੜ ਤੋਂ ਸਥਿਰ ਕੀਤਾ ਸੀ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਹਲਕਾ ਸ੍ਰੀ ਚਮਕੌਰ ਸਾਹਿਬ ਵਿੱਚ ਕਾਂਗਰਸ ਪਾਰਟੀ ਦੇ ਸਮੇਂ ਸ਼ੁਰੂ ਹੋਏ ਜਿਆਦਾਤਰ ਪ੍ਰੋਜੈਕਟ ਮੌਜੂਦਾ ਸਰਕਾਰ ਵੱਲੋਂ ਬੰਦ ਕੀਤੇ ਹੋਏ ਹਨ ਜਿਨਾਂ ਨੂੰ ਕਾਂਗਰਸ ਪਾਰਟੀ ਦੀ ਸਰਕਾਰ ਬਣਨ ਉਪਰੰਤ ਮੁੜ ਤੋਂ ਚਾਲੂ ਕਰਕੇ ਮੁਕੰਮਲ ਕਰਵਾਇਆ ਜਾਵੇਗਾ ਉਹਨਾਂ ਕਿਹਾ ਕਿ ਹਲਕਾ ਵਿਧਾਇਕ ਪ੍ਰਤੀ ਲੋਕਾਂ ਦੀ ਨਰਾਜ਼ਗੀ ਨੂੰ ਦੂਰ ਕਰਨ ਲਈ ਆਮ ਆਦਮੀ ਪਾਰਟੀ ਵੱਲੋਂ ਨਵਾਂ ਹਲਕਾ ਇੰਚਾਰਜ ਲਗਾਇਆ ਗਿਆ ਹੈ ਪ੍ਰੰਤੂ ਇਹ ਸਮਝ ਲੈਣਾ ਚਾਹੀਦਾ ਹੈ ਪੰਜਾਬ ਨੂੰ ਮੁੜ ਆਰਥਿਕ ਤੌਰ ਤੇ ਖੜਾ ਕਰਨ ਲਈ ਨਵੇਂ ਡੱਬਿਆਂ ਦੀ ਨਹੀਂ ਸਗੋਂ ਇੰਜਨ ਬਦਲਦੀ ਲੋੜ ਹੈ ਭਾਵ ਕੇ ਪੰਜਾਬ ਦੀ ਬੇਹਤਰੀ ਲਈ ਇਸ ਸਰਕਾਰ ਨੂੰ ਬਦਲਣਾ ਬੇਹਦ ਜਰੂਰੀ ਹੈ ਉਹਨਾਂ ਕਿਹਾ ਕਿ ਮੌਜੂਦਾ ਹਲਕਾ ਇੰਚਾਰਜ ਸਾਡੇ ਪੰਚ- ਸਰਪੰਚਾਂ ਨੂੰ ਧਮਕੀਆਂ ਦੇ ਰਿਹਾ ਪ੍ਰੰਤੂ ਮੈਂ ਉਹਨਾਂ ਨੂੰ ਦੱਸ ਦੇਣਾ ਚਾਹੁੰਦਾ ਉਹ ਕਾਂਗਰਸ ਪਾਰਟੀ ਦੇ ਹਰ ਇੱਕ ਵਰਕਰ ਨਾਲ ਮੈਂ ਚੱਟਾਨ ਵਾਂਗ ਖੜੇ ਹਨ।

ਇਸ ਮੌਕੇ ਪਨਗਰੇਨ ਪੰਜਾਬ ਦੇ ਸਾਬਕਾ ਚੇਅਰਮੈਨ ਬੰਤ ਸਿੰਘ ਕਲਾਰਾ, ਬਲਾਕ ਕਾਂਗਰਸ ਕਮੇਟੀ ਮੋਰਿੰਡਾ ਦੇ ਪ੍ਰਧਾਨ ਦਰਸ਼ਨ ਸਿੰਘ ਸੰਧੂ, ਬਲਾਕ ਸੰਮਤੀ ਮੋਰਿੰਡਾ ਦੀ ਚੇਅਰਪਰਸਨ ਹਰਵਿੰਦਰ ਕੌਰ ਸੰਧੂ, ਸਾਬਕਾ ਬਲਾਕ ਸੰਮਤੀ ਚੇਅਰਮੈਨ ਪਰਸਨ ਬਲਜੀਤ ਕੌਰ ਸਮਾਣਾ ,ਬਲਾਕ ਸੰਮਤੀ ਮੈਂਬਰ ਹਰ ਕੀਰਤ ਸਿੰਘ ਮੜੌਲੀ ਕਲਾਂ ,ਬਲਵਿੰਦਰ ਸਿੰਘ ਰੰਗੀਆਂ, ਜਸਵਿੰਦਰ ਕੌਰ ਮੁੰਡੀਆ, ਕੌਂਸਲਰ ਮਨਦੀਪ ਸਿੰਘ ਬਾਜਵਾ, ਕੌਂਸਲਰ ਮਹਿੰਦਰ ਸਿੰਘ ਢਿੱਲੋਂ, ਗੁਰਵਿੰਦਰ ਸਿੰਘ ਜੋਕੀ ਫਤਿਹਪੁਰ, ਸਾਬਕਾ ਸਰਪੰਚ ਨਵਤੇਜ ਸਿੰਘ ਸਹੇੜੀ, ਸਾਬਕਾ ਬਲਾਕ ਸੰਮਤੀ ਮੈਂਬਰ ਬਲਵੀਰ ਸਿੰਘ ਸਹੇੜੀ, ਸਾਬਕਾ ਸਰਪੰਚ ਜਸਮੇਰ ਸਿੰਘ ਮੁੰਡੀਆ, ਸਮਾਜ ਸੇਵੀ ਸੁਖਵਿੰਦਰ ਸਿੰਘ ਮੰਡੀਆਂ, ਪੰਚਾਇਤ ਮੈਂਬਰ ਲਾਭ ਸਿੰਘ ਮੁੰਡੀਆਂ, ਯੂਥ ਆਗੂ ਗੁਰਜੀਤ ਸਿੰਘ ਮੁੰਡੀਆ, ਸਰਪੰਚ ਨਰਾਤਾ ਸਿੰਘ ਅਰਨੌਲੀ, ਧਰਮਿੰਦਰ ਸਿੰਘ ਅਰਨੌਲੀ, ਸਾਬਕਾ ਸਰਪੰਚ ਨਿਧਾਨ ਸਿੰਘ ਗੋਪਾਲਪੁਰ ਆਦਿ ਸਹਿਤ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।




# ਉਪ ਰਾਸ਼ਟਰਪਤੀ ਨੇ ਪੀਯੂ ਵਿੱਚ ਐਡਵਾਂਸਡ ਇੰਸਟਰੂਮੈਂਟੇਸ਼ਨ ਫੈਸਿਲਿਟੀ ਅਤੇ ਟੈਕ ਇਨੋਵੇਸ਼ਨ ਫੋਰਮ ਦਾ ਕੀਤਾ ਉਦਘਾਟਨ

➢ ਉਪ ਰਾਸ਼ਟਰਪਤੀ ਨੇ ਪੰਜਾਬ ਯੂਨੀਵਰਸਿਟੀ ਵਿੱਚ ਏਆਈ ਅਤੇ ਸੈਮੀਕੰਡਕਟਰ ਲਈ ਵਿਸ਼ੇਸ਼ ਕੇਂਦਰ ਸਥਾਪਤ ਕਰਨ ਲਈ ਕਿਹਾ ➢ ਪੰਜਾਬ ਯੂਨੀਵਰਸਿਟੀ ਨੂੰ ਵਿਸ਼ਵ ਪੱਧਰੀ ਸੰਸਥਾ ਬਣਾਉਣ ਲਈ ਸਾਂਝੇ ਯਤਨ ਜ਼ਰੂਰੀ ➢ ਭਾਰਤ ਗੁਣਵੱਤਾਪੂਰਨ ਸਿੱਖਿਆ ਅਤੇ ਖੋਜ ਲਈ ਵਿਸ਼ਵ ਪੱਧਰੀ ਕੇਂਦਰ ਵਜੋਂ ਉੱਭਰ ਰਿਹਾ ਹੈ: ਉਪ ਰਾਸ਼ਟਰਪਤੀ

**ਚੰਡੀਗੜ੍ਹ, 5 ਸਤੰਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**




ਭਾਰਤ ਦੇ ਉਪ ਰਾਸ਼ਟਰਪਤੀ ਅਤੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਚਾਂਸਲਰ ਸ੍ਰੀ ਸੀ. ਪੀ. ਰਾਧਾਕ੍ਰਿਸ਼ਨਨ ਨੇ ਸ਼ੁੱਕਰਵਾਰ ਨੂੰ ਪੰਜਾਬ ਯੂਨੀਵਰਸਿਟੀ ਵਿੱਚ ਐਡਵਾਂਸਡ ਇੰਸਟਰੂਮੈਂਟੇਸ਼ਨ ਫੈਸਿਲਿਟੀ ਅਤੇ ਪੰਜਾਬ ਯੂਨੀਵਰਸਿਟੀ ਟੈਕ ਇਨੋਵੇਸ਼ਨ ਫੋਰਮ (ਪੀਯੂ-ਟੀਆਈਐਫ) ਦਾ ਉਦਘਾਟਨ ਕੀਤਾ। ਇਸ ਮੌਕੇ 'ਈਪੌਕ 2026: ਓਡਿਸੀ ਆਫ਼ ਪੀਯੂ ਟੈਕ ਇਨੋਵੇਸ਼ਨ ਫੋਰਮ' ਨਾਮਕ ਕੌਫੀ ਟੇਬਲ ਬੁੱਕ ਵੀ ਜਾਰੀ ਕੀਤੀ ਗਈ।

ਉਦਘਾਟਨ ਦੌਰਾਨ ਉਪ ਰਾਸ਼ਟਰਪਤੀ ਨੇ ਪੀਯੂ-ਟੀਆਈਐਫ ਦੀਆਂ ਪ੍ਰਮੁੱਖ ਸਹੂਲਤਾਂ ਦਾ ਦੌਰਾ ਕੀਤਾ ਅਤੇ ਖੋਜਕਰਤਾਵਾਂ, ਨਵੋਨਮੇਸ਼ਕਾਂ ਅਤੇ ਸਟਾਰਟਅੱਪਸ ਲਈ ਉਪਲਬਧ ਬੁਨਿਆਦੀ ਢਾਂਚੇ ਅਤੇ ਤਕਨੀਕੀ ਸਮਰੱਥਾਵਾਂ ਬਾਰੇ ਜਾਣਕਾਰੀ ਲਈ। ਉਨ੍ਹਾਂ ਨੇ ਸਕੇਲ-ਅੱਪ ਫੈਸਿਲਿਟੀ ਦਾ ਵੀ ਦੌਰਾ ਕੀਤਾ, ਜਿੱਥੇ ਛੇ 5-ਲੀਟਰ ਬਾਇਓਰੀਐਕਟਰ ਅਤੇ 7-ਲੀਟਰ, 25-ਲੀਟਰ ਅਤੇ 250-ਲੀਟਰ ਸਮਰੱਥਾ ਵਾਲਾ ਇੱਕ-ਇੱਕ ਬਾਇਓਰੀਐਕਟਰ ਉਪਲਬਧ ਹੈ। ਉਨ੍ਹਾਂ ਨੇ ਪ੍ਰੋਟੀਨ ਪਿਊਰੀਫਿਕੇਸ਼ਨ ਪਲੇਟਫਾਰਮ ਦੀਆਂ ਸਹੂਲਤਾਂ ਬਾਰੇ ਵੀ ਜਾਣਕਾਰੀ ਲਈ, ਜਿੱਥੇ ਪ੍ਰੋਟੀਨ ਅਤੇ ਹੋਰ ਜੈਵ-ਅਣੂਆਂ ਦੀ ਡਾਊਨਸਟ੍ਰੀਮ ਪ੍ਰੋਸੈਸਿੰਗ ਅਤੇ ਸ਼ੁੱਧੀਕਰਨ ਦੀ ਸਹੂਲਤ ਉਪਲਬਧ ਹੈ।

ਐਸਏਆਈਐਫ/ਸੀਆਈਐਲ ਅਤੇ ਪੀਯੂ-ਟੀਆਈਐਫ ਯੂਨੀਵਰਸਿਟੀ ਦੇ ਅਕਾਦਮਿਕ ਅਤੇ ਟ੍ਰਾਂਸਲੇਸ਼ਨਲ ਖੋਜ ਦੇ ਈਕੋਸਿਸਟਮ ਦੇ ਮਹੱਤਵਪੂਰਨ ਹਿੱਸੇ ਹਨ। ਇਹ ਖੋਜਕਰਤਾਵਾਂ, ਨਵੋਨਮੇਸ਼ਕਾਂ ਅਤੇ ਉਦਯੋਗ ਨੂੰ ਉੱਨਤ ਵਿਸ਼ਲੇਸ਼ਣ, ਇਨਕਿਊਬੇਸ਼ਨ ਅਤੇ ਉੱਦਮਤਾ ਸਬੰਧੀ ਸਹਿਯੋਗ ਪ੍ਰਦਾਨ ਕਰਦੇ ਹਨ।

ਪੀਯੂ ਦੇ ਵਿਦਿਆਰਥੀਆਂ, ਅਧਿਆਪਕਾਂ, ਕਰਮਚਾਰੀਆਂ ਅਤੇ ਸਾਬਕਾ ਵਿਦਿਆਰਥੀਆਂ ਦੀ ਵੱਡੀ ਸਭਾ ਨੂੰ ਸੰਬੋਧਨ ਕਰਦਿਆਂ ਸ੍ਰੀ ਸੀ. ਪੀ. ਰਾਧਾਕ੍ਰਿਸ਼ਨਨ ਨੇ 1882 ਵਿੱਚ ਸਥਾਪਨਾ ਤੋਂ ਬਾਅਦ ਯੂਨੀਵਰਸਿਟੀ ਦੀ ਸ਼ਾਨਦਾਰ ਵਿਰਾਸਤ ਦਾ ਜ਼ਿਕਰ ਕੀਤਾ।

ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਨੇ ਵੱਖ-ਵੱਖ ਪੀੜ੍ਹੀਆਂ ਦੇ ਨੇਤਾਵਾਂ, ਨਿਆਂ-ਵਿਦਾਂ, ਵਿਗਿਆਨੀਆਂ, ਖਿਡਾਰੀਆਂ ਅਤੇ ਲੋਕ ਸੇਵਕਾਂ ਨੂੰ ਤਿਆਰ ਕਰਕੇ ਰਾਸ਼ਟਰ ਨਿਰਮਾਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ।

ਉਪ ਰਾਸ਼ਟਰਪਤੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਰਤ ਦੀ ਉੱਚ ਸਿੱਖਿਆ ਅਤੇ ਵਿਗਿਆਨਕ ਖੋਜ ਪ੍ਰਣਾਲੀ ਵਿੱਚ ਵੱਡਾ ਬਦਲਾਅ ਆਇਆ ਹੈ। ਉਨ੍ਹਾਂ ਕਿਹਾ ਕਿ ਭਾਰਤ ਗੁਣਵੱਤਾਪੂਰਨ ਸਿੱਖਿਆ, ਖੋਜ ਅਤੇ ਨਵੋਨਮੇਸ਼ ਲਈ ਤੇਜ਼ੀ ਨਾਲ ਵਿਸ਼ਵ ਪੱਧਰੀ ਮੰਜ਼ਿਲ ਵਜੋਂ ਉੱਭਰ ਰਿਹਾ ਹੈ।

ਪੀਯੂ ਵਿੱਚ ਦੋਵੇਂ ਉਦਘਾਟਨਾਂ ਨੂੰ ਮਹੱਤਵਪੂਰਨ ਉਪਲਬਧੀ ਦੱਸਦਿਆਂ ਸ੍ਰੀ ਰਾਧਾਕ੍ਰਿਸ਼ਨਨ ਨੇ ਕਿਹਾ ਕਿ ਐਡਵਾਂਸਡ ਇੰਸਟਰੂਮੈਂਟੇਸ਼ਨ ਫੈਸਿਲਿਟੀ ਵਿੱਚ ਪੰਜ ਉੱਨਤ ਵਿਗਿਆਨਕ ਉਪਕਰਣ—ਐਟਾਮਿਕ ਫੋਰਸ ਮਾਈਕ੍ਰੋਸਕੋਪ, ਰਮਨ ਸਪੈਕਟ੍ਰੋਮੀਟਰ, ਡੀਐਨਏ ਸੀਕਵੈਂਸਰ, ਫਲੋ ਸਾਈਟੋਮੀਟਰ ਅਤੇ ਐਫਟੀਆਈਆਰ ਸਪੈਕਟ੍ਰੋਮੀਟਰ ਦੀ ਸਥਾਪਨਾ ਨਾਲ ਯੂਨੀਵਰਸਿਟੀ ਦੀਆਂ ਖੋਜ ਸਮਰੱਥਾਵਾਂ ਹੋਰ ਮਜ਼ਬੂਤ ਹੋਣਗੀਆਂ। ਉਨ੍ਹਾਂ ਕਿਹਾ ਕਿ ਇਨ੍ਹਾਂ ਸਹੂਲਤਾਂ ਨਾਲ ਨੈਨੋ ਟੈਕਨਾਲੋਜੀ, ਮੈਟੀਰੀਅਲਜ਼ ਸਾਇੰਸ, ਵਾਤਾਵਰਣ ਵਿਗਿਆਨ ਅਤੇ ਜੀਨੋਮਿਕਸ ਵਰਗੇ ਖੇਤਰਾਂ ਵਿੱਚ ਖੋਜ ਨੂੰ ਲਾਭ ਮਿਲੇਗਾ।

ਨਵੋਨਮੇਸ਼ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਉਪ ਰਾਸ਼ਟਰਪਤੀ ਨੇ ਕਿਹਾ ਕਿ ਬਾਇਓਨੇਸਟ ਨੂੰ ਸੈਕਸ਼ਨ-8 ਦੀ ਗੈਰ-ਮੁਨਾਫ਼ਾ ਕੰਪਨੀ ਪੰਜਾਬ ਯੂਨੀਵਰਸਿਟੀ ਟੈਕ ਇਨੋਵੇਸ਼ਨ ਫੋਰਮ ਵਿੱਚ ਬਦਲਣਾ ਖੋਜ, ਉੱਦਮਤਾ ਅਤੇ ਤਕਨਾਲੋਜੀ ਵਿਕਾਸ ਨੂੰ ਅੱਗੇ ਵਧਾਉਣ ਲਈ ਇੱਕ ਨਵਾਂ ਸੰਸਥਾਗਤ ਢਾਂਚਾ ਤਿਆਰ ਕਰਦਾ ਹੈ। ਉਨ੍ਹਾਂ ਕਿਹਾ ਕਿ ਜਦੋਂ ਅਕਾਦਮਿਕ ਸੰਸਥਾਵਾਂ, ਉਦਯੋਗ, ਇਨਕਿਊਬੇਟਰ ਅਤੇ ਨਿਵੇਸ਼ਕ ਮਿਲ ਕੇ ਕੰਮ ਕਰਦੇ ਹਨ ਤਾਂ ਨਵੋਨਮੇਸ਼ ਨੂੰ ਗਤੀ ਮਿਲਦੀ ਹੈ।

ਨੌਜਵਾਨ ਖੋਜਕਰਤਾਵਾਂ ਨੂੰ ਉਨ੍ਹਾਂ ਕਿਹਾ ਕਿ ਉਹ ਉਦੇਸ਼ਪੂਰਨ ਢੰਗ ਨਾਲ ਵਿਗਿਆਨ ਨੂੰ ਅੱਗੇ ਵਧਾਉਣ, ਅਸਫਲਤਾਵਾਂ ਦੇ ਬਾਵਜੂਦ ਯਤਨ ਜਾਰੀ ਰੱਖਣ ਅਤੇ ਅਜਿਹੇ ਨਵੋਨਮੇਸ਼ ਵਿਕਸਿਤ ਕਰਨ ਜੋ ਸਮਾਵੇਸ਼ੀ ਹੋਣ, ਵੱਡੇ ਪੱਧਰ 'ਤੇ ਲਾਗੂ ਕੀਤੇ ਜਾ ਸਕਣ ਅਤੇ ਸਮਾਜ ਦੀਆਂ ਅਸਲ ਲੋੜਾਂ ਨੂੰ ਪੂਰਾ ਕਰਨ। ਉਨ੍ਹਾਂ ਕਿਹਾ ਕਿ ਖੋਜ ਦਾ ਸਮਾਜ 'ਤੇ ਸਾਰਥਕ ਪ੍ਰਭਾਵ ਹੋਣਾ ਚਾਹੀਦਾ ਹੈ। ਉਨ੍ਹਾਂ ਖੋਜਕਰਤਾਵਾਂ ਅਤੇ ਵਿਦਿਆਰਥੀਆਂ ਨੂੰ ਖੋਜ ਨੂੰ ਸਹੀ ਦਿਸ਼ਾ ਵਿੱਚ ਅੱਗੇ ਵਧਾਉਣ ਦਾ ਸੱਦਾ ਦਿੱਤਾ ਤਾਂ ਜੋ ਇਸ ਦਾ ਲਾਭ ਸਮਾਜ ਦੇ ਵੱਡੇ ਹਿੱਸੇ ਤੱਕ ਪਹੁੰਚ ਸਕੇ।

ਉਪ ਰਾਸ਼ਟਰਪਤੀ ਨੇ ਕੈਂਪਸ ਦੀ ਸੁਰੱਖਿਆ ਦਾ ਮੁੱਦਾ ਵੀ ਉਠਾਇਆ। ਉਨ੍ਹਾਂ ਕਿਹਾ ਕਿ ਇੱਕ ਪੀਐਚਡੀ ਵਿਦਿਆਰਥੀ ਦੀ ਮੰਦਭਾਗੀ ਮੌਤ ਤੋਂ ਬਾਅਦ ਉਨ੍ਹਾਂ ਨੇ ਯੂਨੀਵਰਸਿਟੀ ਪ੍ਰਸ਼ਾਸਨ ਨੂੰ ਪੂਰੇ ਕੈਂਪਸ ਦਾ ਵਿਆਪਕ ਸੁਰੱਖਿਆ ਆਡਿਟ ਕਰਵਾਉਣ ਦੇ ਨਿਰਦੇਸ਼ ਦਿੱਤੇ ਸਨ। ਉਨ੍ਹਾਂ ਦੱਸਿਆ ਕਿ ਮੌਜੂਦਾ ਬੁਨਿਆਦੀ ਢਾਂਚੇ ਦੀ ਸਮੀਖਿਆ ਲਈ ਇੱਕ ਕਮੇਟੀ ਦਾ ਗਠਨ ਕੀਤਾ ਗਿਆ ਹੈ, ਜੋ ਵਿਸਤ੍ਰਿਤ ਰਿਪੋਰਟ ਪੇਸ਼ ਕਰੇਗੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਅਤੇ ਕਰਮਚਾਰੀਆਂ ਦੀ ਸੁਰੱਖਿਆ ਅਤੇ ਭਲਾਈ ਯੂਨੀਵਰਸਿਟੀ ਦੀ ਸਰਵੋਤਮ ਤਰਜੀਹ ਹੋਣੀ ਚਾਹੀਦੀ ਹੈ।

'ਨਸ਼ਾ-ਮੁਕਤ ਭਾਰਤ' ਦੇ ਨਿਰਮਾਣ ਵਿੱਚ ਵਿਦਿਆਰਥੀਆਂ ਦੀ ਭੂਮਿਕਾ 'ਤੇ ਜ਼ੋਰ ਦਿੰਦਿਆਂ ਸ੍ਰੀ ਰਾਧਾਕ੍ਰਿਸ਼ਨਨ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਆਪਣੇ ਪਰਿਵਾਰ ਅਤੇ ਦੋਸਤਾਂ ਨੂੰ ਵੀ ਇਸ ਤੋਂ ਦੂਰ ਰੱਖਣ ਲਈ ਪ੍ਰੇਰਿਤ ਕਰਨ ਦਾ ਸੱਦਾ ਦਿੱਤਾ।

ਉਪ ਰਾਸ਼ਟਰਪਤੀ ਨੇ ਕਿਹਾ ਕਿ ਪੰਜਾਬ ਯੂਨੀਵਰਸਿਟੀ ਨੂੰ ਆਰਟੀਫਿਸ਼ਲ ਇੰਟੈਲੀਜੈਂਸ ਅਤੇ ਕੁਆਂਟਮ ਕੰਪਿਊਟਿੰਗ 'ਤੇ ਕੇਂਦਰਿਤ ਇੱਕ ਵਿਸ਼ੇਸ਼ ਕੇਂਦਰ ਵਿਕਸਿਤ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਭਾਰਤ ਦੇ ਉੱਭਰਦੇ ਤਕਨਾਲੋਜੀ ਤੰਤਰ ਵਿੱਚ ਯੂਨੀਵਰਸਿਟੀ ਦੀ ਭੂਮਿਕਾ ਮਜ਼ਬੂਤ ਹੋਵੇਗੀ ਅਤੇ ਵਿਕਸਿਤ ਭਾਰਤ ਦੇ ਟੀਚੇ ਵਿੱਚ ਯੋਗਦਾਨ ਮਿਲੇਗਾ।

ਆਪਣੇ ਸੰਬੋਧਨ ਦੇ ਸਮਾਪਨ 'ਤੇ ਉਪ ਰਾਸ਼ਟਰਪਤੀ ਨੇ ਵਿਸ਼ਵਾਸ ਪ੍ਰਗਟਾਇਆ ਕਿ ਉੱਨਤ ਵਿਗਿਆਨਕ ਸਹੂਲਤਾਂ ਅਤੇ ਪੰਜਾਬ ਯੂਨੀਵਰਸਿਟੀ ਟੈਕ ਇਨੋਵੇਸ਼ਨ ਫੋਰਮ ਯੂਨੀਵਰਸਿਟੀ ਦੇ ਖੋਜ, ਨਵੋਨਮੇਸ਼ ਅਤੇ ਉੱਦਮਤਾ ਵਿੱਚ ਯੋਗਦਾਨ ਨੂੰ ਹੋਰ ਮਜ਼ਬੂਤ ਕਰਨਗੇ। ਉਨ੍ਹਾਂ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਕਲਾਸਰੂਮਾਂ ਅਤੇ ਪ੍ਰਯੋਗਸ਼ਾਲਾਵਾਂ ਤੋਂ ਨਿਕਲਣ ਵਾਲੇ ਵਿਚਾਰਾਂ ਨੂੰ ਨੌਜਵਾਨਾਂ ਲਈ ਮੌਕਿਆਂ ਵਿੱਚ ਬਦਲਣ ਅਤੇ ਵਿਕਸਿਤ ਭਾਰਤ ਅਤੇ ਆਤਮਨਿਰਭਰ ਭਾਰਤ ਦੇ ਟੀਚੇ ਵਿੱਚ ਯੋਗਦਾਨ ਪਾਉਣ ਦੇ ਲਈ ਕਿਹਾ।

ਉਨ੍ਹਾਂ ਯੂਨੀਵਰਸਿਟੀ ਭਾਈਚਾਰੇ ਨੂੰ ਪੰਜਾਬ ਯੂਨੀਵਰਸਿਟੀ ਨੂੰ ਵਿਸ਼ਵ ਪੱਧਰੀ ਉੱਚ ਸਿੱਖਿਆ ਅਤੇ ਖੋਜ ਸੰਸਥਾ ਬਣਾਉਣ ਲਈ ਸਾਂਝੇ ਯਤਨ ਕਰਨ ਅਤੇ ਇਸ ਦਿਸ਼ਾ ਵਿੱਚ ਸੁਝਾਅ ਦੇਣ ਦਾ ਵੀ ਸੱਦਾ ਦਿੱਤਾ।

ਪੀਯੂ ਦੇ ਚਾਂਸਲਰ ਨੇ ਕਿਹਾ ਕਿ ਉਨ੍ਹਾਂ ਨੂੰ ਪੰਜਾਬ ਯੂਨੀਵਰਸਿਟੀ ਦੇ ਨਵੋਨਮੇਸ਼ ਈਕੋਸਿਸਟਮ 'ਤੇ ਮਾਣ ਹੈ। ਉਨ੍ਹਾਂ ਦੱਸਿਆ ਕਿ 85 ਤੋਂ ਵੱਧ ਸਟਾਰਟਅੱਪਸ ਅਤੇ ਨਵੋਨਮੇਸ਼ਕਾਂ ਨੂੰ ਸਹਿਯੋਗ ਦਿੱਤਾ ਗਿਆ ਹੈ। ਉਨ੍ਹਾਂ ਵਧੇਰੇ ਵਿਆਪਕ ਪਹੁੰਚ ਦੀ ਲੋੜ 'ਤੇ ਵੀ ਜ਼ੋਰ ਦਿੰਦਿਆਂ ਕਿਹਾ ਕਿ ਨਵੋਨਮੇਸ਼ ਸਮਾਵੇਸ਼ੀ, ਵੱਡੇ ਪੱਧਰ 'ਤੇ ਲਾਗੂ ਕੀਤੇ ਜਾ ਸਕਣ ਵਾਲੇ ਅਤੇ ਕਿਫਾਇਤੀ ਹੋਣੇ ਚਾਹੀਦੇ ਹਨ।

ਤਾਲੀਆਂ ਦੀ ਗੜਗੜਾਹਟ ਦਰਮਿਆਨ ਉਪ ਰਾਸ਼ਟਰਪਤੀ ਨੇ ਕਿਹਾ ਕਿ ਪੰਜਾਬ ਯੂਨੀਵਰਸਿਟੀ ਦੀ 143 ਸਾਲ ਦੀ ਸ਼ਾਨਦਾਰ ਵਿਰਾਸਤ ਹੈ ਅਤੇ ਇਸ ਨੂੰ ਦੁਨੀਆ ਦੀਆਂ ਸਭ ਤੋਂ ਆਧੁਨਿਕ ਯੂਨੀਵਰਸਿਟੀਆਂ ਵਿੱਚ ਵੀ ਸ਼ਾਮਲ ਹੋਣਾ ਚਾਹੀਦਾ ਹੈ। ਪੀਯੂ ਭਾਈਚਾਰੇ ਨਾਲ ਸੰਵਾਦ ਕਰਦਿਆਂ ਉਨ੍ਹਾਂ ਯੂਨੀਵਰਸਿਟੀ ਨੂੰ ਵਿਸ਼ਵ ਪੱਧਰੀ ਸੰਸਥਾ ਬਣਾਉਣ ਲਈ ਸੁਝਾਅ ਮੰਗੇ। ਉਨ੍ਹਾਂ ਕਿਹਾ, ਮੈਂ ਚਾਹੁੰਦਾ ਹਾਂ ਕਿ ਪੀਯੂ ਦੁਨੀਆ ਦੀਆਂ ਸਰਵੋਤਮ ਯੂਨੀਵਰਸਿਟੀਆਂ ਵਿੱਚ ਸ਼ਾਮਲ ਹੋਵੇ।

ਉਪ ਰਾਸ਼ਟਰਪਤੀ ਨੇ ਪੰਜਾਬ ਯੂਨੀਵਰਸਿਟੀ ਦੀ ਪੂਰੀ ਟੀਮ ਨੂੰ ਵਧਾਈ ਦਿੰਦਿਆਂ ਐਨਆਈਆਰਐਫ ਰੈਂਕਿੰਗ ਵਿੱਚ ਯੂਨੀਵਰਸਿਟੀ ਦੇ 35ਵੇਂ ਸਥਾਨ, ਕਿਊਐਸ ਵਰਲਡ ਯੂਨੀਵਰਸਿਟੀ ਰੈਂਕਿੰਗ 2026 ਵਿੱਚ 901-950 ਬੈਂਡ ਵਿੱਚ ਸਥਾਨ ਅਤੇ ਪਿਛਲੇ ਸਾਲ ਦੇ ਮੁਕਾਬਲੇ 100 ਸਥਾਨਾਂ ਦੇ ਸੁਧਾਰ ਅਤੇ ਨੈਕ ਦੀ ਏ++ ਗ੍ਰੇਡਿੰਗ ਦਾ ਜ਼ਿਕਰ ਕੀਤਾ।

ਇਸ ਮੌਕੇ ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਆਜ਼ਾਦੀ ਤੋਂ ਬਾਅਦ ਪੰਜਾਬ ਯੂਨੀਵਰਸਿਟੀ ਨੇ ਲੰਮਾ ਸਫ਼ਰ ਤੈਅ ਕੀਤਾ ਹੈ। ਉਨ੍ਹਾਂ ਲਾਹੌਰ ਤੋਂ ਚੰਡੀਗੜ੍ਹ ਤੱਕ ਯੂਨੀਵਰਸਿਟੀ ਦੀ ਯਾਤਰਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਯੂਨੀਵਰਸਿਟੀ ਨੇ ਨੋਬਲ ਪੁਰਸਕਾਰ ਜੇਤੂ ਡਾ. ਹਰਗੋਬਿੰਦ ਖੁਰਾਨਾ, ਅੰਤਰਿਕਸ਼ ਯਾਤਰੀ ਕਲਪਨਾ ਚਾਵਲਾ ਅਤੇ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਵਰਗੀਆਂ ਸ਼ਖ਼ਸੀਅਤਾਂ ਨੂੰ ਤਿਆਰ ਕਰਨ ਵਿੱਚ ਯੋਗਦਾਨ ਪਾਇਆ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਵਿੱਚ ਵਿਸ਼ਵ ਪੱਧਰੀ ਸੰਸਥਾ ਬਣਨ ਦੀ ਸਮਰੱਥਾ ਹੈ ਅਤੇ ਇਹ 2047 ਤੱਕ ਵਿਕਸਿਤ ਭਾਰਤ ਦੇ ਟੀਚੇ ਨੂੰ ਹਾਸਲ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੀ ਹੈ।

ਹਰਿਆਣਾ ਦੇ ਰਾਜਪਾਲ ਪ੍ਰੋ. ਅਸ਼ੀਮ ਕੁਮਾਰ ਘੋਸ਼ ਨੇ ਕਿਹਾ ਕਿ ਪੰਜਾਬ ਯੂਨੀਵਰਸਿਟੀ ਭਾਰਤ ਦੇ ਸਭ ਤੋਂ ਪੁਰਾਣੇ ਸਿੱਖਿਆ ਸੰਸਥਾਨਾਂ ਵਿੱਚੋਂ ਇੱਕ ਹੈ ਅਤੇ ਅਧਿਆਪਨ ਅਤੇ ਖੋਜ ਵਿੱਚ ਆਪਣੀ ਉੱਤਮਤਾ ਲਈ ਜਾਣੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਐਸਏਆਈਐਫ/ਸੀਆਈਐਲ ਅਤੇ ਪੀਯੂ-ਟੀਆਈਐਫ ਬਹੁ-ਵਿਸ਼ਿਆਈ ਖੋਜ ਨੂੰ ਮਜ਼ਬੂਤ ਕਰਨਗੇ ਅਤੇ ਨਵੋਨਮੇਸ਼ ਨਾਲ ਜੁੜੇ ਵਿਚਾਰਾਂ ਨੂੰ ਸਟਾਰਟਅੱਪਸ ਅਤੇ ਵਪਾਰਕ ਤਕਨਾਲੋਜੀਆਂ ਵਿੱਚ ਬਦਲਣ ਵਿੱਚ ਮਦਦ ਕਰਨਗੇ। ਉਨ੍ਹਾਂ ਉਦਯੋਗ-ਅਕਾਦਮਿਕ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਅਤੇ ਆਤਮਨਿਰਭਰ ਭਾਰਤ ਅਤੇ 2047 ਤੱਕ ਵਿਕਸਿਤ ਭਾਰਤ ਦੇ ਟੀਚੇ ਵਿੱਚ ਯੋਗਦਾਨ ਪਾਉਣ ਦਾ ਸੱਦਾ ਦਿੱਤਾ।

ਸਾਬਕਾ ਕੇਂਦਰੀ ਮੰਤਰੀ ਅਤੇ ਚੰਡੀਗੜ੍ਹ ਦੇ ਸੰਸਦ ਮੈਂਬਰ ਸ੍ਰੀ ਮਨੀਸ਼ ਤਿਵਾਰੀ ਨੇ ਕਿਹਾ ਕਿ ਉਨ੍ਹਾਂ ਦਾ ਜਨਮ ਅਤੇ ਪਾਲਣ-ਪੋਸ਼ਣ ਪੰਜਾਬ ਯੂਨੀਵਰਸਿਟੀ ਕੈਂਪਸ ਵਿੱਚ ਹੋਇਆ ਹੈ। ਚੀਨ ਨਾਲ ਮੁਕਾਬਲੇ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ ਕਿ ਇਸ ਸਦੀ ਦੇ ਅਗਲੇ 74 ਸਾਲ ਉਨ੍ਹਾਂ ਦੇਸ਼ਾਂ ਦੇ ਹੋਣਗੇ ਜਿਨ੍ਹਾਂ ਕੋਲ ਅਤਿ-ਆਧੁਨਿਕ ਤਕਨਾਲੋਜੀ ਹੋਵੇਗੀ।

ਪੀਯੂ ਦੇ ਚਾਂਸਲਰ ਅਤੇ ਸਾਰੇ ਪਤਵੰਤੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਪੀਯੂ ਦੀ ਵਾਈਸ ਚਾਂਸਲਰ ਪ੍ਰੋ. ਮੀਨਾਕਸ਼ੀ ਗੋਇਲ ਨੇ ਕਿਹਾ ਕਿ ਅੱਜ ਦਾ ਦਿਨ ਮਹੱਤਵਪੂਰਨ ਹੈ, ਕਿਉਂਕਿ ਯੂਨੀਵਰਸਿਟੀ ਖੋਜ ਅਤੇ ਨਵੋਨਮੇਸ਼ ਨੂੰ ਜ਼ਮੀਨੀ ਪੱਧਰ 'ਤੇ ਉਤਰਦੇ ਹੋਏ ਦੇਖ ਰਹੀ ਹੈ। ਉਨ੍ਹਾਂ ਕਿਹਾ ਕਿ ਐਸਏਆਈਐਫ/ਸੀਆਈਐਲ ਅਤੇ ਪੀਯੂ-ਟੀਆਈਐਫ ਵਿੱਚ ਅਤਿ-ਆਧੁਨਿਕ ਖੋਜ ਉਪਕਰਣਾਂ ਦੀ ਸਥਾਪਨਾ ਨਾਲ ਉੱਨਤ ਖੋਜ ਨੂੰ ਹੋਰ ਮਜ਼ਬੂਤੀ ਮਿਲੇਗੀ ਅਤੇ ਉਦਯੋਗ ਅਤੇ ਸਮਾਜ ਨੂੰ ਲਾਭ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀਆਂ ਪ੍ਰਯੋਗਸ਼ਾਲਾਵਾਂ ਤੋਂ ਨਿਕਲਣ ਵਾਲੇ ਵਿਚਾਰਾਂ ਨੂੰ ਸਾਰਥਕ ਨਵੋਨਮੇਸ਼ਾਂ ਵਿੱਚ ਬਦਲਣ ਵਿੱਚ ਮਦਦ ਕਰਨਗੀਆਂ ਅਤੇ ਆਤਮਨਿਰਭਰ ਭਾਰਤ ਅਤੇ ਵਿਕਸਿਤ ਭਾਰਤ 02047 ਦੇ ਟੀਚੇ ਵਿੱਚ ਯੋਗਦਾਨ ਪਾਉਣਗੀਆਂ।

ਯੂਨੀਵਰਸਿਟੀ ਆਡੀਟੋਰੀਅਮ ਵਿੱਚ ਆਯੋਜਿਤ ਸਮਾਰੋਹ ਵਿੱਚ ਵਿਦਿਆਰਥੀਆਂ, ਅਧਿਆਪਕਾਂ ਅਤੇ ਖੋਜਾਰਥੀਆਂ ਦੀ ਵੱਡੀ ਗਿਣਤੀ ਮੌਜੂਦ ਰਹੀ। ਉਨ੍ਹਾਂ ਦੀ ਉਤਸ਼ਾਹਪੂਰਨ ਭਾਗੀਦਾਰੀ ਨੇ ਯੂਨੀਵਰਸਿਟੀ ਭਾਈਚਾਰੇ ਲਈ ਇਸ ਮੌਕੇ ਦੀ ਮਹੱਤਤਾ ਨੂੰ ਰੇਖਾਂਕਿਤ ਕੀਤਾ।

## ਗੁਆਂਢੀਆਂ ਦੇ ਘਰੋਂ ਗਹਿਣੇ ਤੇ ਨਕਦੀ ਚੋਰੀ ਕਰਨ ਵਾਲੇ ਨੂੰ ਕਾਬੂ,ਕਰ ਪੁਲਿਸ ਨੇ ਕੀਤਾ ਮਾਮਲਾ ਦਰਜ



**ਮਾਛੀਵਾੜਾ ਸਾਹਿਬ, 5 ਸਤੰਬਰ**
**-ਸਤੀਸ਼ ਕੁਮਾਰ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਥਾਨਕ ਪੁਲਿਸ ਨੇ ਗੁਆਂਢੀਆਂ ਦੇ ਘਰ ਵਿਚ ਹੀ ਚੋਰੀ ਕਰਨ ਵਾਲੇ ਨੌਜਵਾਨ ਅਕਾਸ਼ਦੀਪ ਸਿੰਘ ਉਰਫ਼ ਘੋਗੜ ਵਾਸੀ ਮਾਛੀਵਾੜਾ ਨੂੰ ਕਾਬੂ ਕੀਤਾ ਹੈ। ਥਾਣਾ ਮੁਖੀ ਕਰਮਜੀਤ ਸਿੰਘ ਨੇ ਦੱਸਿਆ ਕਿ ਪੰਕਜ ਕੁਮਾਰ ਵਾਸੀ ਖੁੱਲਰਾਂ ਮੁਹੱਲਾ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਕਿ ਉਹ ਰਾਤ ਸਮੇਂ ਖਾਣਾ ਖਾ ਕੇ ਸੌਂ ਗਏ ਅਤੇ ਜਦੋਂ ਉਹ ਤੜਕੇ ਨਹਾਉਣ ਲਈ ਆਪਣੇ ਬਾਥਰੂਮ ਵਿਚ ਜਾਣ ਲੱਗਾ ਤਾਂ ਉਸਨੇ ਦੇਖਿਆ ਕਿ ਉਸਦਾ ਗੁਆਂਢੀ ਅਕਾਸ਼ਦੀਪ ਘਰ ਦੀ ਕੰਧ ਟੱਪ ਕੇ ਭੱਜ ਗਿਆ ਸੀ। ਜਦੋਂ ਉਸਨੇ ਆਪਣੇ ਕਮਰੇ ਵਿਚ ਜਾ ਕੇ ਦੇਖਿਆ ਤਾਂ ਉਸਦੀ ਮਾਤਾ ਦੇ ਬੈਗ 'ਚੋਂ 2 ਸੋਨੇ ਦੀਆਂ ਵਾਲੀਆਂ ਅਤੇ ਕੁਝ ਨਕਦੀ ਚੋਰੀ ਹੋ ਗਈ ਸੀ। ਪੁਲਸ ਨੇ ਇਸ ਸਬੰਧੀ ਅਕਾਸ਼ਦੀਪ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਥਾਣਾ ਮੁਖੀ ਨੇ ਦੱਸਿਆ ਕਿ ਮਾਮਲਾ ਦਰਜ ਕਰਨ ਤੋਂ ਬਾਅਦ ਸਹਾਇਕ ਥਾਣੇਦਾਰ ਜਰਨੈਲ ਸਿੰਘ ਵਲੋਂ ਅਕਾਸ਼ਦੀਪ ਨੂੰ ਗ੍ਰਿਫ਼ਤਾਰ ਕਰ ਲਿਆ ਜਿਸ ਕੋਲੋਂ ਚੋਰੀ ਕੀਤੀ ਨਕਦੀ ਬਰਾਮਦ ਕਰ ਲਈ। ਉਨ੍ਹਾਂ ਦੱਸਿਆ ਕਿ ਮੁਲਜਮ ਨੂੰ ਅਦਾਲਤ ਵਿਚ ਪੇਸ਼ ਕਰਨ ਉਪਰੰਤ ਰਿਮਾਂਡ 'ਤੇ ਲਿਆਂਦਾ ਜਾਵੇਗਾ ਤਾਂ ਜੋ ਚੋਰੀ ਕੀਤੇ ਸੋਨੇ ਦੇ ਗਹਿਣੇ ਵੀ ਬਰਾਮਦ ਕੀਤੇ ਜਾ ਸਕਣ।

## ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੋਣਗੇ ਵਿਸ਼ੇਸ਼ ਸ਼ੋਅ

**ਸੰਗਰੂਰ, 5 ਸਤੰਬਰ**
**-ਜਗਦੇਵ ਰੰਚਨਾਂ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜ਼ਿਲ੍ਹਾ ਸੰਗਰੂਰ ਵਾਸੀਆਂ ਨੂੰ ਆਧੁਨਿਕ ਤਕਨਾਲੋਜੀ ਅਤੇ ਅਧਿਆਤਮਿਕਤਾ ਦੇ ਸੁਮੇਲ ਦਾ ਵਿਲੱਖਣ ਅਨੁਭਵ ਦੇਣ ਲਈ 500 ਡਰੋਨਾਂ ਦੇ ਵਿਸ਼ੇਸ਼ ਸ਼ੋਅ ਕਰਵਾਏ ਜਾਣਗੇ। ਚਾਰ ਦਿਨਾਂ ਤੱਕ ਚੱਲਣ ਵਾਲੀ ਇਸ ਲੜੀ ਦੌਰਾਨ ਅਸਮਾਨ ਵਿੱਚ ਰੌਸ਼ਨੀਆਂ ਰਾਹੀਂ ਗੁਰੂ ਜੀ ਦੇ ਜੀਵਨ ਅਤੇ ਉਨ੍ਹਾਂ ਦੇ ਸਰਬੱਤ ਦੇ ਭਲੇ ਵਾਲੇ ਸੰਦੇਸ਼ ਦੀ ਝਲਕ ਪੇਸ਼ ਕੀਤੀ ਜਾਵੇਗੀ।

ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਖਚੈਨ ਸਿੰਘ ਪਾਪੜਾ ਨੇ ਦੱਸਿਆ ਕਿ ਅਨਾਜ ਮੰਡੀ ਲਹਿਰਾ, ਸਰਕਾਰੀ ਰਣਬੀਰ ਕਾਲਜ ਸੰਗਰੂਰ, ਅਨਾਜ ਮੰਡੀ ਧੂਰੀ ਅਤੇ ਚੌਥਾ 8 ਸਤੰਬਰ ਨੂੰ ਦਿੜ੍ਹਬਾ ਅਨਾਜ ਮੰਡੀ ਵਿਖੇ ਕਰਵਾਇਆ ਜਾਵੇਗਾ।

ਉਨ੍ਹਾਂ ਕਿਹਾ ਕਿ ਸੈਂਕੜੇ ਡਰੋਨਾਂ ਦੀ ਤਾਲਮੇਲਬੱਧ ਉਡਾਣ ਰਾਹੀਂ ਆਕਾਸ਼ ਵਿੱਚ ਬਣਨ ਵਾਲੀਆਂ ਵੱਖ-ਵੱਖ ਆਕ੍ਰਿਤੀਆਂ ਅਤੇ ਰੌਸ਼ਨੀ ਦੇ ਰੰਗਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਬਰਾਬਰੀ, ਮਨੁੱਖਤਾ, ਸਾਂਝੀਵਾਲਤਾ ਅਤੇ ਸਮਾਜਿਕ ਏਕਤਾ ਦੀ ਵਿਚਾਰਧਾਰਾ ਨੂੰ ਦਰਸ਼ਕਾਂ ਤੱਕ ਪਹੁੰਚਾਇਆ ਜਾਵੇਗਾ। ਇਹ ਪੇਸ਼ਕਾਰੀ ਖ਼ਾਸ ਕਰਕੇ ਨੌਜਵਾਨਾਂ ਨੂੰ ਗੁਰੂ ਜੀ ਦੇ ਮਹਾਨ ਜੀਵਨ ਅਤੇ ਸੰਦੇਸ਼ ਨਾਲ ਜੋੜਨ ਦਾ ਪ੍ਰਭਾਵਸ਼ਾਲੀ ਮਾਧਿਅਮ ਬਣੇਗੀ।

ਪਾਪੜਾ ਨੇ ਕਿਹਾ ਕਿ ਸਮਾਗਮਾਂ ਦੌਰਾਨ ਲੋਕਾਂ ਦੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਪ੍ਰਸ਼ਾਸਨ ਵੱਲੋਂ ਆਵਾਜਾਈ, ਸੁਰੱਖਿਆ, ਪਾਰਕਿੰਗ, ਬਿਜਲੀ, ਪਾਣੀ, ਸਫ਼ਾਈ ਅਤੇ ਬੈਠਣ ਸਮੇਤ ਲੋੜੀਂਦੀਆਂ ਵਿਵਸਥਾਵਾਂ ਨੂੰ ਸੁਚਾਰੂ ਬਣਾਇਆ ਜਾ ਰਿਹਾ ਹੈ।ਉਨ੍ਹਾਂ ਡਰੋਨਾਂ ਦੇ ਅਲੌਕਿਕ ਨਜ਼ਾਰੇ ਦੇ ਸਾਕਸ਼ੀ ਬਣਨ ਲਈ ਜ਼ਿਲ੍ਹਾ ਵਾਸੀਆਂ ਨੂੰ ਸੱਦਾ ਦਿੰਦਿਆ ਕਿਹਾ ਕਿ ਉਹ ਪਰਿਵਾਰਾਂ ਸਮੇਤ ਇਨ੍ਹਾਂ ਸ਼ੋਅਜ਼ ਦਾ ਹਿੱਸਾ ਬਣਨ ਅਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਦੀਆਂ ਖੁਸ਼ੀਆਂ ਸਾਂਝੀਆਂ ਕਰਨ।

# ਅਧਿਆਪਕ ਦਿਵਸ ਮੌਕੇ 75 ਅਧਿਆਪਕਾਂ ਦਾ ਸਟੇਟ ਐਵਾਰਡਾਂ ਨਾਲ ਸਨਮਾਨ ਕਰੇਗੀ ਮਾਨ ਸਰਕਾਰ: ਹਰਜੋਤ ਸਿੰਘ ਬੈਂਸ

➢ ਐਵਾਰਡਾਂ ਲਈ ਪੂਰੀ ਪਾਰਦਰਸ਼ਤਾ, ਯੋਗਤਾ-ਅਧਾਰਤ ਪ੍ਰਕਿਰਿਆ ਰਾਹੀਂ ਕੀਤੀ ਗਈ ਅਧਿਆਪਕਾਂ ਦੀ ਚੋਣ
➢ ਅਧਿਆਪਕਾਂ ਦੀ ਮਿਹਨਤ ਸਦਕਾ ਹੀ ਸਕੂਲ ਸਿੱਖਿਆ ਵਿੱਚ ਪਹਿਲੇ ਸਥਾਨ 'ਤੇ ਪੁੱਜਾ ਪੰਜਾਬ: ਸਿੱਖਿਆ ਮੰਤਰੀ

**ਚੰਡੀਗੜ੍ਹ 5 ਸਤੰਬਰ**
**-ਛਤਰਪਾਲ ਸਿੰਘ-**

ਪੰਜਾਬ ਦੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਸੂਬੇ ਵਿੱਚ ਸਿੱਖਿਆ ਦੀ ਨੁਹਾਰ ਬਦਲਣ ਵਾਲੇ ਅਧਿਆਪਕਾਂ ਨੂੰ ਮਾਣ ਸਨਮਾਨ ਦੀ ਵਚਨਬੱਧਤਾ ਤਹਿਤ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਅਧਿਆਪਕ ਦਿਵਸ ਮੌਕੇ 75 ਅਧਿਆਪਕਾਂ ਨੂੰ ਵੱਕਾਰੀ ਰਾਜ ਅਧਿਆਪਕ ਪੁਰਸਕਾਰ-2026 ਨਾਲ ਸਨਮਾਨਿਤ ਕੀਤਾ ਜਾਵੇਗਾ। ਸ. ਹਰਜੋਤ ਬੈਂਸ ਨੇ ਦੱਸਿਆ ਕਿ ਇਹ ਸਾਰੇ 75 ਅਧਿਆਪਕ ਰਾਜ ਅਧਿਆਪਕ ਪੁਰਸਕਾਰ ਨੀਤੀ ਅਨੁਸਾਰ ਪਾਰਦਰਸ਼ੀ ਢੰਗ ਨਾਲ ਯੋਗਤਾ ਦੇ ਆਧਾਰ 'ਤੇ ਚੁਣੇ ਗਏ ਹਨ। ਇਨ੍ਹਾਂ 'ਚੋਂ 55 ਰਾਜ ਅਧਿਆਪਕ ਪੁਰਸਕਾਰ ਲਈ, 10 ਯੰਗ ਅਧਿਆਪਕ ਪੁਰਸਕਾਰ ਲਈ, 4 ਵਿਸ਼ੇਸ਼ ਅਧਿਆਪਕ ਪੁਰਸਕਾਰ ਲਈ ਅਤੇ 6 ਪ੍ਰਬੰਧਕੀ ਪੁਰਸਕਾਰ ਲਈ ਚੁਣੇ ਗਏ ਹਨ।

ਸ. ਬੈਂਸ ਨੇ ਕਿਹਾ ਕਿ ਸੂਬਾ ਸਰਕਾਰ ਅਧਿਆਪਕਾਂ ਦੇ ਵਡਮੁੱਲੇ ਯੋਗਦਾਨ ਨੂੰ ਸਨਮਾਨ ਦੇਣ ਵਿੱਚ ਬਹੁਤ ਮਾਣ ਮਹਿਸੂਸ ਕਰ ਰਹੀ ਹੈ ਕਿਉਂਕਿ



ਅਧਿਆਪਕ ਨਾ ਸਿਰਫ਼ ਨੌਜਵਾਨਾਂ ਦੇ ਸੁਪਨਿਆਂ ਨੂੰ ਦਿਸ਼ਾ ਦਿੰਦੇ ਹਨ ਸਗੋਂ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਰਾਹਦਸੇਰੇ ਵੀ ਹੁੰਦੇ ਹਨ। ਇਨ੍ਹਾਂ 75 ਅਧਿਆਪਕਾਂ ਦੀ ਚੋਣ ਪੂਰੀ ਪਾਰਦਰਸ਼ੀ, ਯੋਗਤਾ-ਅਧਾਰਤ ਪ੍ਰਕਿਰਿਆ ਰਾਹੀਂ ਕੀਤੀ ਗਈ ਹੈ, ਜੋ ਇਹ ਯਕੀਨੀ ਬਣਾਉਂਦਾ ਹੈ ਕਿ ਇਸ ਵੱਕਾਰੀ ਸਨਮਾਨ ਲਈ ਉੱਤਮਤਾ ਅਤੇ ਸਮਰਪਣ ਹੀ ਇੱਕਲੌਤਾ ਮਾਪਦੰਡ ਹੈ।

ਸਿੱਖਿਆ ਮੰਤਰੀ ਨੇ ਜ਼ੋਰ ਦਿੰਦਿਆਂ ਕਿਹਾ ਕਿ ਇਹ ਐਵਾਰਡ ਸਿੱਖਿਆ ਖੇਤਰ ਵਿੱਚ ਅਧਿਆਪਕਾਂ ਨੂੰ ਮਾਣ ਦੇ ਕੇ ਉਨ੍ਹਾਂ ਨੂੰ ਅਗਾਂਹ ਲਈ ਹੋਰ ਮਿਹਨਤ ਲਈ ਪ੍ਰੇਰਨ ਅਤੇ ਉੱਤਮਤਾ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਪ੍ਰਤੀ ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਅਟੁੱਟ ਵਚਨਬੱਧਤਾ ਦਾ ਪ੍ਰਤੱਖ ਪ੍ਰਮਾਣ ਹਨ।

ਸ. ਬੈਂਸ ਨੇ ਕਿਹਾ,"ਅਧਿਆਪਕ ਸਾਡੀ ਸਿੱਖਿਆ ਪ੍ਰਣਾਲੀ ਦਾ ਧੁਰਾ ਹਨ ਅਤੇ ਉਨ੍ਹਾਂ ਦੇ ਅਣਥੱਕ ਯਤਨਾਂ ਨੂੰ ਮਾਨਤਾ ਦੇਣਾ ਸਾਡਾ ਤਰਜੀਹੀ ਫਰਜ਼ ਹੈ। ਮੈਂ ਇਨ੍ਹਾਂ ਐਵਾਰਡਾਂ ਲਈ ਚੁਣੇ ਗਏ ਸਾਰੇ ਅਧਿਆਪਕਾਂ ਨੂੰ ਵਧਾਈ ਦਿੰਦਾ ਹਾਂ ਅਤੇ ਸਮੁੱਚੇ ਅਧਿਆਪਕ ਵਰਗ ਨੂੰ ਉੱਤਮਤਾ ਲਈ ਯਤਨਸ਼ੀਲ ਰਹਿਣ ਦੀ ਅਪੀਲ ਕਰਦਾ ਹਾਂ।"

ਸਿੱਖਿਆ ਦੇ ਖੇਤਰ ਵਿੱਚ ਸਫ਼ਲਤਾ ਦਾ ਸਿਹਰਾ ਅਧਿਆਪਕਾਂ ਦੀ ਮਿਹਨਤ ਅਤੇ ਸਮਰਪਣ ਨੂੰ ਦਿੰਦਿਆਂ ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਨੀਤੀ ਆਯੋਗ ਵੱਲੋਂ ਪੰਜਾਬ ਨੂੰ 2026-27 ਲਈ ਕਲਾਸਰੂਮ ਸਿੱਖਿਆ ਦੇ ਨਤੀਜਿਆਂ ਵਿੱਚ ਸਭ ਤੋਂ ਵਧੀਆ ਪ੍ਰਦਰਸ਼ਨ ਕਰਨ ਵਾਲੇ ਸੂਬੇ ਵਜੋਂ ਮਾਨਤਾ ਦਿੱਤੀ ਗਈ ਹੈ ਅਤੇ ਭਾਰਤ ਸਰਕਾਰ ਦੇ ਪਰਖ ਰਾਸ਼ਟਰੀ ਸਰਵੇਖਣ-2024 ਵਿੱਚ ਕੇਰਲਾ ਨੂੰ ਪਛਾੜ ਕੇ ਦੇਸ਼ ਵਿੱਚ ਪਹਿਲੇ ਸਥਾਨ 'ਤੇ ਰਿਹਾ ਹੈ।

## ਲਹਿਰਾਗਾਗਾ ਸ਼ਹਿਰ ਨੂੰ ਹਰਿਆ-ਭਰਿਆ ਤੇ ਸੁੰਦਰ ਬਣਾਉਣ ਵੱਲ ਪਹਿਲਾ ਕਦਮ



**ਲਹਿਰਾਗਾਗਾ, 5 ਸਤੰਬਰ**
**-ਜਗਦੇਵ ਰੰਚਨਾਂ-**

ਲਹਿਰਾਗਾਗਾ ਸ਼ਹਿਰ ਨੂੰ ਹਰਿਆ-ਭਰਿਆ, ਸੁੰਦਰ ਅਤੇ ਵਾਤਾਵਰਣ ਪੱਖੋਂ ਸਾਫ਼-ਸੁਥਰਾ ਬਣਾਉਣ ਦੇ ਉਦੇਸ਼ ਨਾਲ ਪ੍ਰਸ਼ਾਸਨ ਵੱਲੋਂ ਵਿਸ਼ੇਸ਼ ਉਪਰਾਲਾ ਕੀਤਾ ਗਿਆ। ਇਸ ਤਹਿਤ ਐੱਸ.ਡੀ.ਐੱਮ. ਰਾਜੇਸ਼ ਪ੍ਰਕਾਸ਼ ਗਰਗ ਦੀ ਅਗਵਾਈ ਹੇਠ ਥਾਣਾ ਰੋਡ, ਲਹਿਰਾਗਾਗਾ ਵਿਖੇ 100 ਪਾਮ ਦੇ ਬੂਟੇ ਲਗਾਏ ਗਏ।

ਇਸ ਮੌਕੇ ਐੱਸ.ਡੀ.ਐੱਮ. ਰਾਜੇਸ਼ ਪ੍ਰਕਾਸ਼ ਗਰਗ ਨੇ ਕਿਹਾ ਕਿ ਸ਼ਹਿਰ ਨੂੰ ਸੁੰਦਰ ਬਣਾਉਣ ਦੇ ਨਾਲ-ਨਾਲ ਵਾਤਾਵਰਣ ਦੀ ਸੁਰੱਖਿਆ ਕਰਨਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਕਿਹਾ ਕਿ ਵੱਧ ਤੋਂ ਵੱਧ ਰੁੱਖ ਲਗਾਉਣਾ ਅਤੇ ਲਗਾਏ ਗਏ ਬੂਟਿਆਂ ਦੀ ਸੰਭਾਲ ਕਰਨਾ ਸਿਰਫ਼ ਪ੍ਰਸ਼ਾਸਨ ਦੀ ਹੀ ਨਹੀਂ, ਸਗੋਂ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ।

ਉਨ੍ਹਾਂ ਕਿਹਾ ਕਿ ਰੁੱਖ ਸਾਨੂੰ ਸਾਫ਼ ਹਵਾ, ਛਾਂ ਅਤੇ ਵਾਤਾਵਰਣ ਦਾ ਸੰਤੁਲਨ ਪ੍ਰਦਾਨ ਕਰਦੇ ਹਨ। ਇਸ ਲਈ ਸ਼ਹਿਰ ਵਿੱਚ ਹਰਿਆਲੀ ਵਧਾਉਣ ਦੇ ਨਾਲ-ਨਾਲ ਪਾਣੀ, ਹਵਾ, ਮਿੱਟੀ ਅਤੇ ਹੋਰ ਕੁਦਰਤੀ ਸਰੋਤਾਂ ਦੀ ਸੰਭਾਲ ਵੱਲ ਵੀ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ।

ਐੱਸ.ਡੀ.ਐੱਮ. ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾਂ, ਦੁਕਾਨਾਂ, ਖਾਲੀ ਥਾਵਾਂ ਅਤੇ ਜਨਤਕ ਸਥਾਨਾਂ ਨੇੜੇ ਵੱਧ ਤੋਂ ਵੱਧ ਬੂਟੇ ਲਗਾਉਣ ਅਤੇ ਉਨ੍ਹਾਂ ਦੀ ਨਿਯਮਤ ਦੇਖਭਾਲ ਕਰਨ। ਉਨ੍ਹਾਂ ਕਿਹਾ ਕਿ ਸਿਰਫ਼ ਬੂਟੇ ਲਗਾਉਣਾ ਹੀ ਕਾਫ਼ੀ ਨਹੀਂ, ਸਗੋਂ ਉਨ੍ਹਾਂ ਨੂੰ ਪੌਦੇ ਤੋਂ ਰੁੱਖ ਬਣਾਉਣ ਤੱਕ ਸੰਭਾਲਣਾ ਵੀ ਸਾਡਾ ਫਰਜ਼ ਹੈ।

ਉਨ੍ਹਾਂ ਆਓ, ਮਿਲ ਕੇ ਲਹਿਰਾਗਾਗਾ ਨੂੰ ਹਰਿਆ-ਭਰਿਆ, ਸੁੰਦਰ ਅਤੇ ਵਾਤਾਵਰਣ ਪੱਖੋਂ ਸਾਫ਼-ਸੁਥਰਾ ਸ਼ਹਿਰ ਬਣਾਈਏ। ਦਾ ਹੋਕਾ ਦਿੰਦਿਆ ਕੁਦਰਤੀ ਸਰੋਤਾਂ ਦੀ ਸੰਭਾਲ ਲਈ ਪਾਣੀ ਦੀ ਬੱਚਤ ਕਰਨ, ਪਲਾਸਟਿਕ ਦੀ ਵਰਤੋਂ ਘਟਾਉਣ, ਕੂੜਾ-ਕਰਕਟ ਇੱਧਰ-ਉੱਧਰ ਨਾ ਸੁੱਟਣ ਅਤੇ ਵਾਤਾਵਰਣ ਨੂੰ ਪ੍ਰਦੂਸ਼ਣ ਤੋਂ ਬਚਾਉਣ ਲਈ ਵੀ ਲੋਕਾਂ ਨੂੰ ਸਰਗਰਮ ਸਹਿਯੋਗ ਦੇਣ ਦੀ ਅਪੀਲ ਵੀ ਕੀਤੀ।

## 13 ਸਤੰਬਰ ਨੂੰ ਬਠਿੰਡਾ ਦੀਆਂ ਸੜਕਾਂ 'ਤੇ ਦੌੜੇਗਾ ਨੌਜਵਾਨ ਪੰਜਾਬ, 'ਪੰਜਾਬ ਯੂਥ ਰਨ''ਚ ਦਿਖੇਗਾ ਜੋਸ਼: ਅਮਰਜੀਤ ਮਹਿਤਾ

**ਬਠਿੰਡਾ, 5 ਸਤੰਬਰ**
**-ਗੁਰਤੇਜ ਅਤਲਾ-**

ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੇ 'ਰੰਗਲਾ ਪੰਜਾਬ'ਦੇ ਸੁਪਨੇ ਨੂੰ ਸਾਕਾਰ ਕਰਨ ਦੀ ਦਿਸ਼ਾ ਵਿੱਚ ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ, ਉਨ੍ਹਾਂ ਨੂੰ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨ ਅਤੇ ਖੇਡਾਂ ਨਾਲ ਜੋੜਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਕੜੀ ਤਹਿਤ ਬਠਿੰਡਾ ਵਿੱਚ ਨੌਜਵਾਨਾਂ ਲਈ ਇੱਕ ਵੱਡੀ ਮੈਰਾਥਨ 'ਪੰਜਾਬ ਯੂਥ ਰਨ' ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਦੌੜ ਨੌਜਵਾਨਾਂ ਨੂੰ ਫਿਟਨੈੱਸ, ਖੇਡਾਂ ਅਤੇ ਸਕਾਰਾਤਮਕ ਸੋਚ ਨਾਲ ਜੋੜਨ ਦੇ ਨਾਲ-ਨਾਲ ਨਸ਼ਿਆਂ ਖ਼ਿਲਾਫ਼ ਇੱਕ ਮਜ਼ਬੂਤ ਸਮਾਜਿਕ ਸੰਦੇਸ਼ ਵੀ ਦੇਵੇਗੀ।




ਇਸ ਸਬੰਧੀ ਅੱਜ ਪ੍ਰੈੱਸ ਕਾਨਫਰੰਸ ਦੌਰਾਨ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਪ੍ਰਧਾਨ ਅਮਰਜੀਤ ਮਹਿਤਾ, ਬਠਿੰਡਾ ਦੇ ਮੇਅਰ ਪਦਮਜੀਤ ਸਿੰਘ ਮਹਿਤਾ ਅਤੇ ਪ੍ਰੋਗਰਾਮ ਦੇ ਇੰਚਾਰਜ ਬੀਰ ਦਵਿੰਦਰ ਸਿੰਘ ਨੇ ਸਾਂਝੇ ਤੌਰ 'ਤੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ 'ਪੰਜਾਬ ਯੂਥ ਰਨ' ਦਾ ਆਯੋਜਨ 13 ਸਤੰਬਰ ਦੀ ਸਵੇਰ ਬਠਿੰਡਾ ਵਿੱਚ ਕੀਤਾ ਜਾਵੇਗਾ।

ਮੈਰਾਥਨ ਦੀ ਸ਼ੁਰੂਆਤ ਸਵੇਰੇ 7 ਵਜੇ ਪਾਵਰ ਹਾਊਸ ਰੋਡ ਸਥਿਤ ਪੁੱਡਾ ਮਾਰਕੀਟ ਤੋਂ ਹੋਵੇਗੀ। ਭਾਗੀਦਾਰ ਬੀਬੀਵਾਲਾ ਰੋਡ, ਫੌਜੀ ਚੌਂਕ ਅਤੇ ਪਾਵਰ ਹਾਊਸ ਰੋਡ ਤੋਂ ਹੁੰਦੇ ਹੋਏ ਮੁੜ ਪੁੱਡਾ ਮਾਰਕੀਟ ਪਹੁੰਚਣਗੇ, ਜਿੱਥੇ ਮੈਰਾਥਨ ਦੀ ਸਮਾਪਤੀ ਹੋਵੇਗੀ।

ਪ੍ਰੈੱਸ ਕਾਨਫਰੰਸ ਦੌਰਾਨ ਯੂਥ ਪ੍ਰਧਾਨ ਮਨਜਿੰਦਰ ਸਿੰਘ ਲਾਲਪੁਰਾ, ਚੇਅਰਮੈਨ ਇੰਦਰਜੀਤ ਸਿੰਘ ਮਾਨ, ਚੇਅਰਮੈਨ ਹਰਦੀਪ ਸਿੰਘ ਸਰਾਂ, ਯੂਥ ਜ਼ਿਲ੍ਹਾ ਪ੍ਰਧਾਨ ਰਾਮਨਦੀਪ ਸਿੰਘ ਅਤੇ ਸਿਟੀ ਪ੍ਰਧਾਨ ਆਸ਼ੀਸ਼ ਭਾਰਦਵਾਜ ਵੀ ਮੌਜੂਦ ਸਨ।

ਪ੍ਰੈੱਸ ਨੂੰ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਪਦਮਜੀਤ ਸਿੰਘ ਮਹਿਤਾ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਬੁਰਾਈਆਂ ਤੋਂ ਦੂਰ ਰੱਖ ਕੇ ਉਨ੍ਹਾਂ ਨੂੰ ਖੇਡਾਂ ਅਤੇ ਸਿਹਤਮੰਦ ਗਤੀਵਿਧੀਆਂ ਨਾਲ ਜੋੜਨਾ ਬੇਹੱਦ ਜ਼ਰੂਰੀ ਹੈ। ਖੇਡਾਂ ਨੌਜਵਾਨਾਂ ਨੂੰ ਸਰੀਰਕ ਤੌਰ 'ਤੇ ਮਜ਼ਬੂਤ ਬਣਾਉਣ ਦੇ ਨਾਲ-ਨਾਲ ਉਨ੍ਹਾਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ, ਟੀਮ ਭਾਵਨਾ ਅਤੇ ਸਕਾਰਾਤਮਕ ਸੋਚ ਵੀ ਪੈਦਾ ਕਰਦੀਆਂ ਹਨ।

ਇਸ ਮੌਕੇ ਅਮਰਜੀਤ ਮਹਿਤਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ 'ਰੰਗਲਾ ਪੰਜਾਬ'ਦੀ ਸਿਰਜਣਾ ਲਈ ਨੌਜਵਾਨਾਂ ਨੂੰ ਕੇਂਦਰ ਵਿੱਚ ਰੱਖ ਕੇ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਨੌਜਵਾਨ ਸ਼ਕਤੀ ਨੂੰ ਸਹੀ ਦਿਸ਼ਾ ਦੇਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ ਅਤੇ 'ਪੰਜਾਬ ਯੂਥ ਰਨ' ਇਸੇ ਉਦੇਸ਼ ਵੱਲ ਇੱਕ ਅਹਿਮ ਕਦਮ ਹੈ।

ਪ੍ਰੋਗਰਾਮ ਦੇ ਇੰਚਾਰਜ ਬੀਰ ਦਵਿੰਦਰ ਸਿੰਘ ਨੇ ਮੈਰਾਥਨ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਦੱਸਿਆ ਕਿ 'ਪੰਜਾਬ ਯੂਥ ਰਨ'ਕਰੀਬ 5 ਕਿਲੋਮੀਟਰ ਲੰਬੀ ਹੋਵੇਗੀ। ਇਸ ਵਿੱਚ ਹਿੱਸਾ ਲੈਣ ਲਈ ਕਿਸੇ ਵੀ ਉਮਰ ਦੀ ਕੋਈ ਪਾਬੰਦੀ ਨਹੀਂ ਰੱਖੀ ਗਈ। ਲੜਕਿਆਂ ਅਤੇ ਲੜਕੀਆਂ ਲਈ ਵੱਖ-ਵੱਖ ਉਮਰ ਵਰਗ ਨਿਰਧਾਰਤ ਕੀਤੇ ਗਏ ਹਨ, ਜਿਨ੍ਹਾਂ ਵਿੱਚ ਅੰਡਰ-19, ਅੰਡਰ-35, ਅੰਡਰ-50 ਅਤੇ 50 ਸਾਲ ਤੋਂ ਵੱਧ ਉਮਰ ਵਰਗ ਸ਼ਾਮਲ ਹਨ।

ਉਨ੍ਹਾਂ ਦੱਸਿਆ ਕਿ ਦੌੜ ਵਿੱਚ ਹਿੱਸਾ ਲੈਣ ਲਈ ਰਜਿਸਟ੍ਰੇਸ਼ਨ ਕਰਵਾਉਣਾ ਲਾਜ਼ਮੀ ਹੈ। ਭਾਗੀਦਾਰਾਂ ਦੀ ਸਹੂਲਤ ਲਈ ਆਨਲਾਈਨ ਰਜਿਸਟ੍ਰੇਸ਼ਨ ਲਿੰਕ ਅਤੇ ਕਿਊਆਰ ਕੋਡ ਉਪਲਬਧ ਕਰਵਾਇਆ ਗਿਆ ਹੈ।

ਉਨ੍ਹਾਂ ਦੱਸਿਆ ਕਿ ਅੰਡਰ-19 ਵਰਗ ਦੇ ਭਾਗੀਦਾਰਾਂ ਲਈ ਰਜਿਸਟ੍ਰੇਸ਼ਨ ਫੀਸ 100 ਰੁਪਏ, ਜਦਕਿ 19 ਸਾਲ ਤੋਂ ਵੱਧ ਉਮਰ ਦੇ ਭਾਗੀਦਾਰਾਂ ਲਈ 150 ਰੁਪਏ ਨਿਰਧਾਰਤ ਕੀਤੇ ਗਏ ਹਨ। ਇਸ ਤੋਂ ਇਲਾਵਾ ਲੋੜਵੰਦ ਜਾਂ ਇੱਛੁਕ ਭਾਗੀਦਾਰਾਂ ਲਈ ਮੁਫ਼ਤ ਰਜਿਸਟ੍ਰੇਸ਼ਨ ਦਾ ਵਿਕਲਪ ਵੀ ਉਪਲਬਧ ਰੱਖਿਆ ਗਿਆ ਹੈ।

ਮੈਰਾਥਨ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਭਾਗੀਦਾਰਾਂ ਨੂੰ ਟੀ-ਸ਼ਰਟ ਅਤੇ ਰਿਫਰੈਸ਼ਮੈਂਟ ਮੁਹੱਈਆ ਕਰਵਾਏ ਜਾਣਗੇ। ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਭਾਗੀਦਾਰਾਂ ਨੂੰ ਨਕਦ ਇਨਾਮ ਦੇ ਕੇ ਸਨਮਾਨਿਤ ਕੀਤਾ ਜਾਵੇਗਾ।

ਬੀਰ ਦਵਿੰਦਰ ਸਿੰਘ ਨੇ ਦੱਸਿਆ ਕਿ ਇਸ ਵਾਰ 'ਪੰਜਾਬ ਯੂਥ ਰਨ' ਨੂੰ ਲੈ ਕੇ ਨੌਜਵਾਨਾਂ ਵਿੱਚ ਵਿਸ਼ੇਸ਼ ਉਤਸ਼ਾਹ ਪੈਦਾ ਕਰਨ ਲਈ ਆਕਰਸ਼ਕ ਨਕਦ ਇਨਾਮ ਰੱਖੇ ਗਏ ਹਨ। ਕੁੱਲ 40 ਜੇਤੂਆਂ ਨੂੰ ਨਕਦ ਇਨਾਮ ਦਿੱਤੇ ਜਾਣਗੇ ਅਤੇ ਇਨਾਮੀ ਰਾਸ਼ੀ ਕੁੱਲ 5.5 ਲੱਖ ਰੁਪਏ ਹੋਵੇਗੀ।

ਉਨ੍ਹਾਂ ਦੱਸਿਆ ਕਿ ਇਸ ਵਾਰ ਪਹਿਲੇ ਤਿੰਨ ਜੇਤੂਆਂ ਨੂੰ ਕੁੱਲ 3 ਲੱਖ ਰੁਪਏ ਦੇ ਨਕਦ ਇਨਾਮ ਦਿੱਤੇ ਜਾਣਗੇ। ਇਸ ਤੋਂ ਇਲਾਵਾ ਵੱਖ-ਵੱਖ ਉਮਰ ਵਰਗਾਂ ਵਿੱਚ ਬਿਹਤਰ ਪ੍ਰਦਰਸ਼ਨ ਕਰਨ ਵਾਲੇ ਹੋਰ ਭਾਗੀਦਾਰਾਂ ਨੂੰ ਵੀ ਆਕਰਸ਼ਕ ਨਕਦ ਇਨਾਮ ਪ੍ਰਦਾਨ ਕੀਤੇ ਜਾਣਗੇ।

ਬੀਰ ਦਵਿੰਦਰ ਸਿੰਘ ਨੇ ਦੱਸਿਆ ਕਿ 'ਪੰਜਾਬ ਯੂਥ ਰਨ' ਦਾ ਆਯੋਜਨ ਇਸ ਤੋਂ ਪਹਿਲਾਂ ਮੋਹਾਲੀ ਅਤੇ ਜਲੰਧਰ ਵਿੱਚ ਸਫਲਤਾਪੂਰਵਕ ਕੀਤਾ ਜਾ ਚੁੱਕਾ ਹੈ। ਦੋਵੇਂ ਥਾਵਾਂ 'ਤੇ ਨੌਜਵਾਨਾਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ ਅਤੇ ਪ੍ਰੋਗਰਾਮ ਨੂੰ ਸ਼ਾਨਦਾਰ ਹੁੰਗਾਰਾ ਮਿਲਿਆ। ਹੁਣ ਬਠਿੰਡਾ ਵਿੱਚ ਵੀ ਵੱਡੀ ਗਿਣਤੀ ਵਿੱਚ ਨੌਜਵਾਨਾਂ ਦੇ ਇਸ ਦੌੜ ਵਿੱਚ ਸ਼ਾਮਲ ਹੋਣ ਦੀ ਉਮੀਦ ਹੈ।

ਉਨ੍ਹਾਂ ਦੱਸਿਆ ਕਿ 13 ਸਤੰਬਰ ਨੂੰ ਸਵੇਰੇ 6 ਵਜੇ ਉਦਘਾਟਨੀ ਸਮਾਗਮ ਕਰਵਾਇਆ ਜਾਵੇਗਾ, ਜਦਕਿ ਸਵੇਰੇ 7 ਵਜੇ ਮੈਰਾਥਨ ਸ਼ੁਰੂ ਹੋਵੇਗੀ।

ਆਯੋਜਕਾਂ ਨੇ ਸ਼ਹਿਰ ਦੇ ਨੌਜਵਾਨਾਂ, ਖਿਡਾਰੀਆਂ ਅਤੇ ਖੇਡ ਪ੍ਰੇਮੀਆਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਇਸ ਸਮਾਗਮ ਦਾ ਹਿੱਸਾ ਬਣਨ ਦੀ ਅਪੀਲ ਕੀਤੀ ਹੈ।

ਆਯੋਜਕਾਂ ਨੇ ਕਿਹਾ ਕਿ 'ਪੰਜਾਬ ਯੂਥ ਰਨ' ਸਿਰਫ਼ ਇੱਕ ਮੈਰਾਥਨ ਨਹੀਂ, ਸਗੋਂ ਨਸ਼ਿਆਂ ਖ਼ਿਲਾਫ਼ ਨੌਜਵਾਨਾਂ ਨੂੰ ਲਾਮਬੰਦ ਕਰਨ, ਫਿਟ ਪੰਜਾਬ ਦਾ ਸੰਦੇਸ਼ ਦੇਣ ਅਤੇ ਪੰਜਾਬ ਦੀ ਨੌਜਵਾਨ ਸ਼ਕਤੀ ਨੂੰ ਖੇਡਾਂ ਨਾਲ ਜੋੜਨ ਦਾ ਇੱਕ ਅਭਿਆਨ ਹੈ। \ਉਨ੍ਹਾਂ ਉਮੀਦ ਜਤਾਈ

## ਪਰਮਿੰਦਰ ਸਿੰਘ ਢੀਡਸਾ ਨੂੰ ਵੱਡਾ ਝਟਕਾ ਪੰਚਾਇਤ ਮੈਂਬਰਾਂ, ਧਾਰਮਿਕ ਜਥੇਬੰਦੀ ਦੇ ਮੈਂਬਰਾਂ ਸਮੇਤ ਵੱਡੀ ਗਿਣਤੀ ਪਰਿਵਾਰ 'ਆਪ' ਵਿੱਚ ਸ਼ਾਮਲ

**ਲਹਿਰਾਗਾਗਾ, 5 ਸਤੰਬਰ**
**-ਜਗਦੇਵ ਰੰਚਨਾਂ-**

ਵਿਧਾਨ ਸਭਾ ਹਲਕਾ ਲਹਿਰਾਗਾਗਾ ਵਿੱਚ ਆਮ ਆਦਮੀ ਪਾਰਟੀ ਦੀ ਸਿਆਸੀ ਪਕੜ ਉਸ ਸਮੇਂ ਹੋਰ ਮਜ਼ਬੂਤ ਹੋ ਗਈ, ਜਦੋਂ ਪਿੰਡ ਮਕਰੋੜ ਸਾਹਿਬ ਦੇ ਸ਼੍ਰੋਮਣੀ ਅਕਾਲੀ ਦਲ ਨਾਲ ਸਬੰਧਤ ਪੰਚਾਇਤ ਮੈਂਬਰਾਂ, ਧਾਰਮਿਕ ਜਥੇਬੰਦੀ ਨਾਲ ਸਬੰਧਤ ਮੈਂਬਰਾਂ ਅਤੇ ਹੋਰ ਵੱਡੀ ਗਿਣਤੀ ਪਰਿਵਾਰਾਂ ਨੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਪਿੰਡ ਪੱਧਰ 'ਤੇ ਹੋਏ ਇਸ ਸਿਆਸੀ ਬਦਲਾਅ ਨੂੰ 'ਆਪ' ਦੀਆਂ ਵਿਕਾਸਮੁਖੀ ਅਤੇ ਲੋਕ-ਪੱਖੀ ਨੀਤੀਆਂ ਪ੍ਰਤੀ ਲੋਕਾਂ ਦੇ ਵਧ ਰਹੇ ਭਰੋਸੇ ਵਜੋਂ ਦੇਖਿਆ ਜਾ ਰਿਹਾ ਹੈ।

ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਪਿੰਡ ਦੇ ਸਰਪੰਚ ਹਰੀਸ਼ ਕੁਮਾਰ, ਪੰਚ ਗੁਰਨਾਮ ਸਿੰਘ, ਮੇਜਰ ਸਿੰਘ, ਜੈਪਾਲ ਸਿੰਘ, ਕੁਲਦੀਪ ਸਿੰਘ, ਬਲਜੀਤ ਸਿੰਘ, ਹੰਸਾ ਸਿੰਘ ਅਤੇ ਗੁਰਮੁੱਖ ਸਿੰਘ ਤੋਂ ਇਲਾਵਾ ਬਾਲਾ ਜੀ ਮੰਦਰ ਕਮੇਟੀ ਦੇ ਪ੍ਰਧਾਨ ਬਲਕਾਰ ਸਿੰਘ, ਰਿੰਕੂ ਸਿੰਘ, ਗੁਰਮੇਲ ਸਿੰਘ, ਅਮਰੀਕ ਸਿੰਘ, ਅਜਮੇਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਰਿਵਾਰ ਸ਼ਾਮਲ ਹਨ। ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਨਵੇਂ ਸਾਥੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਰਵਾਇਤੀ ਸਿਆਸਤ ਦੀ ਬਜਾਏ ਵਿਕਾਸ ਅਤੇ ਲੋਕ-ਭਲਾਈ ਨੂੰ ਆਪਣੀ ਮੁੱਖ ਤਰਜੀਹ ਬਣਾਇਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਕਾਰਗੁਜ਼ਾਰੀ ਅਤੇ ਲੋਕ-ਪੱਖੀ ਫੈਸਲਿਆਂ ਦਾ ਸਿੱਧਾ ਲਾਭ ਆਮ ਲੋਕਾਂ ਤੱਕ ਪਹੁੰਚ ਰਿਹਾ ਹੈ, ਜਿਸ ਕਾਰਨ ਵੱਖ-ਵੱਖ ਸਿਆਸੀ ਪਾਰਟੀਆਂ ਨਾਲ ਜੁੜੇ ਲੋਕ ਲਗਾਤਾਰ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ। ਗੋਇਲ ਨੇ ਕਿਹਾ ਕਿ ਹਲਕਾ ਲਹਿਰਾਗਾਗਾ ਦੇ ਪਿੰਡਾਂ ਅਤੇ ਸ਼ਹਿਰਾਂ ਦਾ ਸਰਵਪੱਖੀ ਵਿਕਾਸ ਉਨ੍ਹਾਂ ਦੀ ਮੁੱਖ ਤਰਜੀਹ ਹੈ। ਨਹਿਰੀ ਪਾਣੀ ਦੀ ਸਹੂਲਤ ਨੂੰ ਮਜ਼ਬੂਤ ਕਰਨ, ਸੜਕਾਂ ਅਤੇ ਬੁਨਿਆਦੀ ਢਾਂਚੇ ਵਿੱਚ ਸੁਧਾਰ ਕਰਨ ਸਮੇਤ ਲੋਕ-ਹਿੱਤ ਨਾਲ ਜੁੜੇ ਵਿਕਾਸ ਕਾਰਜਾਂ ਨੂੰ ਲਗਾਤਾਰ ਗਤੀ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਹਲਕੇ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਪਾਰਟੀ ਵਿੱਚ ਸ਼ਾਮਲ ਹੋਏ ਆਗੂਆਂ ਅਤੇ ਪਰਿਵਾਰਾਂ ਨੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਅਤੇ ਹਲਕੇ ਵਿੱਚ ਹੋ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹਨ। ਉਨ੍ਹਾਂ ਨੇ ਪਾਰਟੀ ਦੀ ਮਜ਼ਬੂਤੀ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ।



# ਹਰਿਆਣਾ ਖ਼ਬਰਨਾਮਾ



# ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦਾ ਅਧਿਆਪਕ ਦਿਵਸ ’ਤੇ ਵੱਡਾ ਐਲਾਨ: ਅਗਲੇ ਸੈਸ਼ਨ ਤੋਂ ਉੱਚੇਰੀ, ਤਕਨੀਕੀ ਅਤੇ ਤਕਨਾਲੋਜੀ ਸਿੱਖਿਆ ਦੇ ਅਧਿਆਪਕਾਂ ਨੂੰ ਵੀ ਮਿਲੇਗਾ ਰਾਜ ਅਧਿਆਪਕ ਪੁਰਸਕਾਰ



**ਚੰਡੀਗੜ੍ਹ 5 ਸਤੰਬਰ**
**-ਛਤਰਪਾਲ ਸਿੰਘ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਅਧਿਆਪਕ ਦਿਵਸ ਦੇ ਮੌਕੇ ’ਤੇ ਮਹੱਤਵਪੂਰਨ ਘੋਸ਼ਣਾ ਕਰਦਿਆਂ ਕਿਹਾ ਕਿ ਆਉਣ ਵਾਲੇ ਅਕਾਦਮਿਕ ਸੈਸ਼ਨ ਤੋਂ ਉੱਚੇਰੀ ਸਿੱਖਿਆ, ਤਕਨੀਕੀ ਸਿੱਖਿਆ ਅਤੇ ਤਕਨਾਲੋਜੀ ਸਿੱਖਿਆ ਨਾਲ ਜੁੜੇ ਅਧਿਆਪਕ ਵੀ ਰਾਜ ਅਧਿਆਪਕ ਪੁਰਸਕਾਰ ਨਾਲ ਸਨਮਾਨਿਤ ਹੋਣਗੇ। ਮੌਜੂਦਾ ਸਮੇਂ ਵਿੱਚ ਇਹ ਪੁਰਸਕਾਰ ਸਿਰਫ਼ ਸਕੂਲੀ ਸਿੱਖਿਆ ਨਾਲ ਜੁੜੇ ਅਧਿਆਪਕਾਂ ਨੂੰ ਹੀ ਦਿੱਤਾ ਜਾਂਦਾ ਹੈ।

ਉਨ੍ਹਾਂ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਯੋਗਦਾਨ ਪਾਉਣ ਵਾਲੇ ਸਾਰੇ ਅਧਿਆਪਕਾਂ ਨੂੰ ਉਤਸ਼ਾਹਿਤ ਕਰਨਾ ਸਰਕਾਰ ਦੀ ਪਹਿਲ ਹੈ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਇਹ ਐਲਾਨ ਸ਼ਨੀਵਾਰ ਨੂੰ ਪੰਚਕੂਲਾ ਵਿੱਚ ਆਯੋਜਿਤ ਰਾਜ ਅਧਿਆਪਕ ਸਨਮਾਨ ਸਮਾਰੋਹ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸੰਬੋਧਨ ਕਰਦਿਆਂ ਕੀਤਾ।

ਸਮਾਰੋਹ ਵਿੱਚ ਮੁੱਖ ਮਹਿਮਾਨ ਹਰਿਆਣਾ ਦੇ ਰਾਜਪਾਲ ਪ੍ਰੋਫੈਸਰ ਅਸੀਮ ਕੁਮਾਰ ਘੋਸ਼, ਰਾਜਪਾਲ ਦੀ ਧਰਮ ਪਤਨੀ ਸ਼੍ਰੀਮਤੀ ਮਿਤ੍ਰਾ ਘੋਸ਼ ਅਤੇ ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਵੀ ਮੌਜੂਦ ਰਹੇ। ਇਸ ਮੌਕੇ ਰਾਜਪਾਲ ਪ੍ਰੋਫੈਸਰ ਅਸੀਮ ਕੁਮਾਰ ਘੋਸ਼, ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਅਤੇ ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਨੇ ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਕੰਮ ਕਰਨ ਵਾਲੇ 79 ਅਧਿਆਪਕਾਂ ਨੂੰ ਸਨਮਾਨਿਤ ਕੀਤਾ। ਸਨਮਾਨ ਪ੍ਰਾਪਤ ਕਰਨ ਵਾਲੇ ਅਧਿਆਪਕਾਂ ਨੂੰ ਸ਼ਾਲ, ਮੈਡਲ, ਪ੍ਰਮਾਣ ਪੱਤਰ, ਇੱਕ-ਇੱਕ ਲੱਖ ਰੁਪਏ ਦੀ ਸਨਮਾਨ ਰਾਸ਼ੀ ਅਤੇ ਦੋ ਅਗਾਊਂ ਤਨਖ਼ਾਹ ਵਾਧੇ ਪ੍ਰਦਾਨ ਕੀਤੇ ਗਏ।

ਮੁੱਖ ਮੰਤਰੀ ਨੇ ਅਧਿਆਪਕ ਦਿਵਸ ’ਤੇ ਸਾਰੇ ਅਧਿਆਪਕਾਂ ਨੂੰ ਹਾਰਦਿਕ ਵਧਾਈ ਅਤੇ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਇਹ ਸਮਾਰੋਹ ਸਿੱਖਿਆ ਪ੍ਰਤੀ ਤੁਹਾਡੇ ਸਮਰਪਣ ਅਤੇ ਸ਼ੁਕਰਗੁਜ਼ਾਰੀ ਪ੍ਰਗਟ ਕਰਨ ਦਾ ਮੌਕਾ ਹੈ। ਉਨ੍ਹਾਂ ਕਿਹਾ ਕਿ ਅੱਜ ਮਹਾਨ ਅਧਿਆਪਕ ਭਾਰਤ ਦੇ ਸਾਬਕਾ ਰਾਸ਼ਟਰਪਤੀ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਜੀ ਦਾ ਜਨਮਦਿਨ ਵੀ ਹੈ, ਜਿਨ੍ਹਾਂ ਨੇ ਆਪਣਾ ਜਨਮਦਿਨ ਅਧਿਆਪਕਾਂ ਨੂੰ ਸਮਰਪਿਤ ਕਰ ਦਿੱਤਾ। ਇਸੇ ਲਈ, ਉਨ੍ਹਾਂ ਦੇ ਜਨਮਦਿਨ ਨੂੰ ਅਧਿਆਪਕ ਦਿਵਸ ਵਜੋਂ ਮਨਾਇਆ ਜਾਂਦਾ ਹੈ। ਉਹ ਮਹਾਨ ਦਾਰਸ਼ਨਿਕ, ਆਦਰਸ਼ ਅਧਿਆਪਕ ਅਤੇ ਕੁਸ਼ਲ ਸਿਆਸਤਦਾਨ ਸਨ। ਮੁੱਖ ਮੰਤਰੀ ਨੇ ਕਿਹਾ ਕਿ ਭਾਰਤੀ ਸੱਭਿਆਚਾਰ ਵਿੱਚ ਗੁਰੂ ਦਾ ਸਥਾਨ ਹਮੇਸ਼ਾ ਉੱਪਰ ਰਿਹਾ ਹੈ। ਗੁਰੂ ਉਹ ਹੈ, ਜੋ ਬੱਚਿਆਂ ਦੇ ਅੰਦਰ ਛੁਪੀਆਂ ਸੰਭਾਵਨਾਵਾਂ ਨੂੰ ਪਛਾਣਦਾ ਹੈ। ਮਾਤਾ-ਪਿਤਾ ਬੱਚੇ ਨੂੰ ਜਨਮ ਦਿੰਦੇ ਹਨ, ਪਰ ਅਧਿਆਪਕ ਉਸ ਦੀ ਸ਼ਖ਼ਸੀਅਤ ਨੂੰ ਆਕਾਰ ਦਿੰਦਾ ਹੈ। ਉਹ ਬੱਚੇ ਨੂੰ ਸਿਰਫ਼ ਪ੍ਰੀਖਿਆ ਵਿੱਚ ਪਾਸ ਨਹੀਂ ਕਰਵਾਉਂਦਾ, ਸਗੋਂ ਜੀਵਨ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਯੋਗ ਬਣਾਉਂਦਾ ਹੈ।

ਸ੍ਰੀ ਨਾਇਬ ਸਿੰਘ ਸੈਣੀ ਨੇ ਸਨਮਾਨਿਤ ਹੋਏ ਅਧਿਆਪਕਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਤੁਸੀਂ ਅਧਿਆਪਕਾਂ ਦੀ ਵੀ ਅਜਿਹੀ ਹੀ ਕੋਈ ਕਹਾਣੀ ਹੋਵੇਗੀ। ਕਿਸੇ ਨੇ ਸਕੂਲ ਛੱਡ ਚੁੱਕੇ ਬੱਚੇ ਨੂੰ ਵਾਪਸ ਜਮਾਤ ਤੱਕ ਪਹੁੰਚਾਇਆ ਹੋਵੇਗਾ। ਕਿਸੇ ਨੇ ਆਪਣੀ ਜੇਬ ਵਿੱਚੋਂ ਵਿਦਿਆਰਥੀ ਲਈ ਕਿਤਾਬ ਖਰੀਦੀ ਹੋਵੇਗੀ। ਕਿਸੇ ਨੇ ਛੁੱਟੀ ਤੋਂ ਬਾਅਦ ਪੜ੍ਹਾਈ ਵਿੱਚ ਕਮਜ਼ੋਰ ਬੱਚੇ ਨੂੰ ਵਾਧੂ ਸਮਾਂ ਦਿੱਤਾ ਹੋਵੇਗਾ। ਕਿਸੇ ਨੇ ਧੀ ਦੇ ਮਾਤਾ-ਪਿਤਾ ਨੂੰ ਸਮਝਾ ਕੇ ਉਸ ਦੀ ਪੜ੍ਹਾਈ ਜਾਰੀ ਰਖਵਾਈ ਹੋਵੇਗੀ। ਕਿਸੇ ਨੇ ਵਿਗਿਆਨ ਪ੍ਰਯੋਗਸ਼ਾਲਾ ਨਾ ਹੋਣ ’ਤੇ ਸਥਾਨਕ ਵਸਤੂਆਂ ਤੋਂ ਮਾਡਲ ਬਣਾਇਆ ਹੋਵੇਗਾ; ਅਤੇ ਕਿਸੇ ਨੇ ਵਿਦਿਆਰਥੀ ਦੀਆਂ ਅੱਖਾਂ ਦੀ ਉਦਾਸੀ ਪੜ੍ਹ ਕੇ ਉਸ ਨੂੰ ਗਲਤ ਰਸਤੇ ’ਤੇ ਜਾਣ ਤੋਂ ਬਚਾਇਆ ਹੋਵੇਗਾ। ਉਨ੍ਹਾਂ ਕਿਹਾ ਕਿ ਪੁਰਸਕਾਰ ਪ੍ਰਾਪਤ ਕਰਨ ਲਈ ਮੰਚ ’ਤੇ ਤੁਸੀਂ ਭਾਵੇਂ ਹੀ ਅੱਜ ਆਏ ਹੋ, ਪਰ ਤੁਹਾਡਾ ਪੁਰਸਕਾਰ ਉਸੇ ਦਿਨ ਤੈਅ ਹੋ ਗਿਆ ਸੀ, ਜਿਸ ਦਿਨ ਕਿਸੇ ਬੱਚੇ ਨੇ ਤੁਹਾਨੂੰ ਕਿਹਾ ਹੋਵੇਗਾ ’ਗੁਰੂ ਜੀ, ਤੁਸੀਂ ਮੇਰਾ ਜੀਵਨ ਬਦਲ ਦਿੱਤਾ।’

ਮੁੱਖ ਮੰਤਰੀ ਨੇ ਕਿਹਾ ਕਿ ਅੱਜ ਸਮਾਂ ਤੇਜ਼ੀ ਨਾਲ ਬਦਲ ਰਿਹਾ ਹੈ। ਆਰਟੀਫੀਸ਼ੀਅਲ ਇੰਟੈਲੀਜੈਂਸ, ਰੋਬੋਟਿਕਸ, ਡਿਜੀਟਲ ਤਕਨਾਲੋਜੀ ਅਤੇ ਇੰਟਰਨੈਟ ਨੇ ਗਿਆਨ ਦੇ ਅਣਗਿਣਤ ਦਰਵਾਜ਼ੇ ਖੋਲ੍ਹ ਦਿੱਤੇ ਹਨ। ਬੱਚੇ ਇੱਕ ਕਲਿੱਕ ’ਤੇ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ, ਪਰ ਜਾਣਕਾਰੀ ਅਤੇ ਗਿਆਨ ਵਿੱਚ ਅੰਤਰ ਹੁੰਦਾ ਹੈ। ਮਸ਼ੀਨ ਸੂਚਨਾ ਦੇ ਸਕਦੀ ਹੈ, ਪਰ ਸੰਸਕਾਰ ਨਹੀਂ। ਏ.ਆਈ. ਪਾਠ ਤਿਆਰ ਕਰ ਸਕਦੀ ਹੈ, ਪਰ ਕਿਸੇ ਨਿਰਾਸ਼ ਬੱਚੇ ਦੇ ਮੋਢੇ ’ਤੇ ਹੱਥ ਰੱਖ ਕੇ ਉਸ ਵਿੱਚ ਵਿਸ਼ਵਾਸ ਨਹੀਂ ਜਗਾ ਸਕਦੀ। ਇਹ ਕੰਮ ਸਿਰਫ਼ ਅਧਿਆਪਕ ਕਰ ਸਕਦਾ ਹੈ। ਇਸ ਲਈ ਤਕਨੀਕ ਦੇ ਯੁੱਗ ਵਿੱਚ ਅਧਿਆਪਕ ਦੀ ਭੂਮਿਕਾ ਘੱਟ ਨਹੀਂ ਹੋਈ, ਸਗੋਂ ਹੋਰ ਵੀ ਮਹੱਤਵਪੂਰਨ ਹੋ ਗਈ ਹੈ। ਇਸੇ ਗੱਲ ਨੂੰ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਵੀ ਸਮਝਿਆ। ਉਨ੍ਹਾਂ ਨੇ ਨਵੀਂ ਰਾਸ਼ਟਰੀ ਸਿੱਖਿਆ ਨੀਤੀ ਬਣਾ ਕੇ ਸਿੱਖਿਆ ਨੂੰ ਰੱਟਣ ਦੀ ਪ੍ਰਵਿਰਤੀ ਤੋਂ ਕੱਢ ਕੇ ਸਮਝ, ਹੁਨਰ, ਨਵੀਨਤਾ ਅਤੇ ਭਾਰਤੀ ਮੁੱਲਾਂ ਨਾਲ ਜੋੜਨ ਦਾ ਮਾਰਗ ਪ੍ਰਸ਼ੱਤ ਕੀਤਾ। ਹੁਣ ਸਿੱਖਿਆ ਦਾ ਟੀਚਾ ਡਿਗਰੀ ਦੇ ਨਾਲ ਯੋਗ, ਆਤਮਨਿਰਭਰ, ਸੰਵੇਦਨਸ਼ੀਲ ਅਤੇ ਰਾਸ਼ਟਰ ਨਿਸ਼ਠ ਨਾਗਰਿਕ ਤਿਆਰ ਕਰਨਾ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਅਸੀਂ ਹਰਿਆਣਾ ਵਿੱਚ ਵੀ ਇਸੇ ਨਜ਼ਰੀਏ ਨਾਲ ਸਿੱਖਿਆ ਪ੍ਰਣਾਲੀ ਵਿੱਚ ਲਗਾਤਾਰ ਸੁਧਾਰ ਕਰ ਰਹੇ ਹਾਂ।

ਅਸੀਂ ਮੰਨਦੇ ਹਾਂ ਕਿ ਸਿੱਖਿਆ ’ਤੇ ਖ਼ਰਚ ਹੋਣ ਵਾਲਾ ਹਰ ਇੱਕ ਰੁਪਿਆ ਸਾਡੇ ਬੱਚਿਆਂ ਅਤੇ ਸੂਬੇ ਦੇ ਭਵਿੱਖ ਵਿੱਚ ਕੀਤਾ ਗਿਆ ਨਿਵੇਸ਼ ਹੈ। ਇਸੇ ਲਈ, ਚਾਲੂ ਵਿੱਤੀ ਸਾਲ ਲਈ ਸਕੂਲੀ ਸਿੱਖਿਆ ਦਾ ਬਜਟ ਵਧਾ ਕੇ 18 ਹਜ਼ਾਰ 538 ਕਰੋੜ ਰੁਪਏ ਕੀਤਾ ਗਿਆ ਹੈ। ਇਹ ਸਾਲ 2014-15 ਵਿੱਚ ਸਿਰਫ਼ 8 ਹਜ਼ਾਰ 400 ਕਰੋੜ ਰੁਪਏ ਸੀ। ਸੂਬੇ ਵਿੱਚ ਮਿਆਰੀ ਸਿੱਖਿਆ ਦਾ ਦਾਇਰਾ ਵਧਾਉਣ ਲਈ ਮਾਡਲ ਸੰਸਕ੍ਰਿਤੀ ਸਕੂਲਾਂ ਦੀ ਗਿਣਤੀ 218 ਕੀਤੀ ਗਈ ਹੈ। ਇਸ ਦੇ ਨਾਲ ਹੀ, 251 ਪੀ.ਐੱਮ. ਸ਼੍ਰੀ ਸਕੂਲ ਵਿਕਸਤ ਕੀਤੇ ਗਏ ਹਨ ਅਤੇ ਇਸ ਸਾਲ 250 ਸਕੂਲਾਂ ਨੂੰ ਸੀ.ਐੱਮ.-ਈ.ਈ.ਈ. ਸਕੂਲਾਂ ਵਜੋਂ ਵਿਕਸਤ ਕੀਤਾ ਜਾ ਰਿਹਾ ਹੈ। ਇਨ੍ਹਾਂ ਸਕੂਲਾਂ ਵਿੱਚ ਹਿੰਦੀ ਅਤੇ ਅੰਗਰੇਜ਼ੀ ਦੋਵੇਂ ਮਾਧਿਅਮਾਂ ਦੇ ਵਿਦਿਆਰਥੀਆਂ ਨੂੰ ਆਧੁਨਿਕ ਅਤੇ ਮਿਆਰੀ ਸਿੱਖਿਆ ਦੇ ਬਿਹਤਰ ਮੌਕੇ ਮਿਲਣਗੇ। ਇਸੇ ਤਰ੍ਹਾਂ ਬੱਚਿਆਂ ਨੂੰ ਉਨ੍ਹਾਂ ਦੇ ਘਰ ਦੇ ਨੇੜੇ ਬਿਹਤਰ ਸਿੱਖਿਆ ਉਪਲਬਧ ਕਰਵਾਉਣ ਲਈ 719 ਸ਼ਾਨਦਾਰ ਸਕੂਲ ਖੋਲੇ ਗਏ ਹਨ। ਪੜ੍ਹਾਈ ਦੇ ਨਾਲ ਬੱਚਿਆਂ ਨੂੰ ਖੇਡਾਂ ਵਿੱਚ ਉਤਸ਼ਾਹਿਤ ਕਰਨ ਲਈ 3 ਹਜ਼ਾਰ 328 ਸਕੂਲਾਂ ਵਿੱਚ ਖੇਡ ਮੈਦਾਨ ਵਿਕਸਤ ਕੀਤੇ ਜਾ ਰਹੇ ਹਨ। ਇਸ ਲਈ ਹਰੇਕ ਸਕੂਲ ਨੂੰ ਇੱਕ ਲੱਖ ਰੁਪਏ ਦਿੱਤੇ ਜਾ ਰਹੇ ਹਨ। ਇਸ ਦੇ ਨਾਲ ਹੀ, ਹਰੇਕ ਜ਼ਿਲ੍ਹੇ ਵਿੱਚ ਇੱਕ ਸਕੂਲ ਨੂੰ ਉਤਕ੍ਰਿਸ਼ਟ ਖੇਡ ਸਕੂਲ ਵਜੋਂ ਵਿਕਸਤ ਕੀਤਾ ਜਾ ਰਿਹਾ ਹੈ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੂਬੇ ਦੇ ਸਕੂਲਾਂ ਵਿੱਚ ਨਵੀਨਤਾ, ਵਿਗਿਆਨ ਅਤੇ ਆਧੁਨਿਕ ਤਕਨੀਕ ਆਧਾਰਿਤ ਸਿੱਖਿਆ ਨੂੰ ਹੁਣ ਦਿੱਤਾ ਜਾ ਰਿਹਾ ਹੈ। ਅਟਲ ਟਿੰਕਰਿੰਗ ਲੈਬ ਅਤੇ ਵਿਗਿਆਨ, ਤਕਨਾਲੋਜੀ, ਇੰਜੀਨੀਅਰਿੰਗ ਅਤੇ ਗਣਿਤ ਆਧਾਰਿਤ ਪ੍ਰਯੋਗਸ਼ਾਲਾਵਾਂ ਰਾਹੀਂ ਬੱਚਿਆਂ ਨੂੰ ਰੋਬੋਟਿਕਸ, ਥ੍ਰੀ-ਡੀ ਪ੍ਰਿੰਟਿੰਗ, ਕੋਡਿੰਗ, ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਆਗਮੈਂਟੇਡ ਰਿਐਲਿਟੀ ਵਰਗੀਆਂ ਤਕਨੀਕਾਂ ਤੋਂ ਜਾਣੂ ਕਰਵਾਇਆ ਜਾ ਰਿਹਾ ਹੈ। ਗਣਿਤ ਵਿੱਚ ਬੱਚਿਆਂ ਦੀ ਰੁਚੀ ਵਧਾਉਣ ਲਈ ਹਰਿਆਣਾ ਗਣਿਤ ਓਲੰਪਿਆਡ ਸ਼ੁਰੂ ਕੀਤਾ ਗਿਆ ਹੈ। ਵਿਦਿਆਰਥੀਆਂ ਨੂੰ ਇਸਰੋ ਅਤੇ ਡੀ.ਆਰ.ਡੀ.ਓ. ਵਰਗੇ ਪ੍ਰਤਿਸ਼ਠਾਵਾਨ ਸੰਸਥਾਵਾਂ ਦਾ ਦੌਰਾ ਕਰਵਾਇਆ ਜਾ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਨੌਜਵਾਨਾਂ ਨੂੰ ਨੌਕਰੀ ਮੰਗਣ ਵਾਲਾ ਨਹੀਂ, ਸਗੋਂ ਰੁਜ਼ਗਾਰ ਦੇਣ ਵਾਲਾ ਬਣਾਉਣ ਲਈ ’ਕੌਸ਼ਲ ਬਿਜ਼ਨਸ ਚੈਲੰਜ’ ਸ਼ੁਰੂ ਕੀਤਾ ਹੈ। ਇਸ ਰਾਹੀਂ ਵਿਦਿਆਰਥੀ ਆਪਣੇ ਨਵੇਂ ਵਿਚਾਰਾਂ ਨੂੰ ਵਿਕਸਤ ਕਰਕੇ ਉਨ੍ਹਾਂ ਨੂੰ ਸਟਾਰਟਅੱਪ ਦਾ ਰੂਪ ਦੇ ਸਕਦੇ ਹਨ। ਚੁਣੀਆਂ ਗਈਆਂ 67 ਟੀਮਾਂ ਨੂੰ ਇੱਕ-ਇੱਕ ਲੱਖ ਰੁਪਏ ਤੱਕ ਦੀ ਸ਼ੁਰੂਆਤੀ ਸਹਾਇਤਾ ਦਿੱਤੀ ਜਾ ਰਹੀ ਹੈ। ਇਸ ਤੋਂ ਇਲਾਵਾ ਇੱਕ ਸਕੂਲ ਨੂੰ ਸਕੂਲ ਆਫ਼ ਐਕਸੀਲੈਂਸ ਇਨ ਸਕਿੱਲ ਐਜੂਕੇਸ਼ਨ ਵਜੋਂ ਵਿਕਸਤ ਕੀਤਾ ਜਾ ਰਿਹਾ ਹੈ, ਤਾਂ ਜੋ ਵਿਦਿਆਰਥੀ ਆਧੁਨਿਕ ਹੁਨਰ ਸਿੱਖ ਸਕਣ। ਇੰਨਾ ਹੀ ਨਹੀਂ, ਸਰਕਾਰੀ ਸਕੂਲਾਂ ਦੇ ਪ੍ਰਤਿਭਾਸ਼ਾਲੀ ਬੱਚਿਆਂ ਲਈ ’ਸੁਪਰ-100’ ਅਤੇ ’ਬੁਨਿਆਦ’ ਪ੍ਰੋਗਰਾਮਾਂ ਨੂੰ ਹੋਰ ਮਜ਼ਬੂਤ ਬਣਾਇਆ ਹੈ। ਸੁਪਰ-100 ਦੀਆਂ ਸੀਟਾਂ 400 ਤੋਂ ਵਧਾ ਕੇ 500 ਕੀਤੀਆਂ ਗਈਆਂ ਹਨ ਅਤੇ ਬੁਨਿਆਦ ਪ੍ਰੋਗਰਾਮ ਲਈ ਦੋ ਨਵੇਂ ਰਿਹਾਇਸ਼ੀ ਕੇਂਦਰ ਖੋਲ੍ਹਣ ਦਾ ਫ਼ੈਸਲਾ ਲਿਆ ਹੈ।

# ਵਿਦਿਆ ਮੰਦਰ ਸਕੂਲ ’ਚ ਜਨਮ ਅਸ਼ਟਮੀ ਮਨਾਈ




**ਸ਼ਾਹਬਾਦ ਮਾਰਕੰਡਾ, 5 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ੍ਰੀ ਕ੍ਰਿਸ਼ਨਾ ਵਿਦਿਆ ਮੰਦਿਰ ਸਕੂਲ ’ਚ ਜਨਮ ਅਸ਼ਟਮੀ ਉਤਸ਼ਾਹ ਨਾਲ ਮਨਾਈ ਗਈ। ਇਸ ਸਬੰਧੀ ਸਮਾਗਮ ਦੌਰਾਨ ਬੱਚਿਆਂ ਨੇ ਵੱਖ-ਵੱਖ ਪੇਸ਼ਕਾਰੀਆਂ ਦਿੱਤੀਆਂ। ਸੱਤਵੀਂ ਤੇ ਅੱਠਵੀਂ ਕਲਾਸ ਦੇ ਵਿਦਿਆਰਥੀਆਂ ਨੇ ਭਗਵਾਨ ਕ੍ਰਿਸ਼ਨ ਦੇ ਜੀਵਨ ’ਤੇ ਆਧਾਰਿਤ ਕ੍ਰਿਸ਼ਨ ਲੀਲਾ ਦਾ ਮੰਚਨ ਕੀਤਾ। ਬੱਚਿਆਂ ਨੇ ਭਗਵਾਨ ਕ੍ਰਿਸ਼ਨ ਦੇ ਜੀਵਨ, ਉਨ੍ਹਾਂ ਦੇ ਪਿਆਰ, ਦਇਆ, ਦੋਸਤੀ, ਸੱਚਾਈ, ਧਾਰਮਿਕਤਾ ਅਤੇ ਕਰਤੱਵ ਦੇ ਸੰਦੇਸ਼ ਨੂੰ ਸੁੰਦਰ ਢੰਗ ਨਾਲ ਪੇਸ਼ ਕੀਤਾ। ਇਨ੍ਹਾਂ ਪੇਸ਼ਕਾਰੀਆਂ ਵਿੱਚ ਖਾਸ ਕਰਕੇ ਭਗਵਾਨ ਕ੍ਰਿਸ਼ਨ ਦੇ ਬਚਪਨ ਦੀਆਂ ਮਜ਼ਾਕੀਆ ਲੀਲਾਵਾਂ ਨੇ ਸਾਰਿਆਂ ਦਾ ਧਿਆਨ ਆਪਣੇ ਵੱਲ ਖਿੱਚਿਆ।

ਸਕੂਲ ਅਧਿਆਪਕਾ ਪ੍ਰਭਜੋਤ ਨੇ ਬੱਚਿਆਂ ਨੂੰ ਭਗਵਾਨ ਕ੍ਰਿਸ਼ਨ ਦੀਆਂ ਲੀਲਾਵਾਂ ਬਾਰੇ ਵਿਸਤਾਰ ਨਾਲ ਦੱਸਿਆ। ਇਸ ਦੇ ਨਾਲ ਹੀ ਸਕੂਲ ਕੈਂਪਸ ਵਿੱਚ ਦਹੀਂ ਹਾਂਡੀ ਉਤਸਵ ਦਾ ਆਯੋਜਨ ਵੀ ਕੀਤਾ ਗਿਆ। ਬੱਚਿਆਂ ਦੀ ਰਚਨਾਤਮਕਤਾ ਨੂੰ ਨਿਖਾਰਨ ਲਈ ਵੱਖ-ਵੱਖ ਮੁਕਾਬਲੇ ਵੀ ਕਰਵਾਏ ਗਏ, ਜਿਸ ਵਿੱਚ ਛੇਵੀਂ ਤੇ ਸੱਤਵੀਂ ਕਲਾਸ ਲਈ ਬੰਸੁਰੀ ਤੇ ਮੁਕਟ ਮੇਕਿੰਗ, ਅੱਠਵੀਂ ਤੇ ਨੌਵੀਂ ਲਈ ਮਾਲਾ ਮੇਕਿੰਗ ਅਤੇ ਗਿਆਰਵੀਂ ਕਲਾਸ ਲਈ ਮਟਕੀ ਡੈਕੋਰੇਸ਼ਨ ਮੁਕਾਬਲੇ ਕਰਵਾਏ।

ਉਨ੍ਹਾਂ ਕਿਹਾ ਕਿ ਭਗਵਾਨ ਕ੍ਰਿਸ਼ਨ ਦਾ ਜੀਵਨ ਸਾਰੀ ਮਨੁੱਖਤਾ ਲਈ ਪ੍ਰੇਰਨਾ ਸਰੋਤ ਹੈ। ਉਨ੍ਹਾਂ ਕਿਹਾ ਕਿ ਭਗਵਾਨ ਕ੍ਰਿਸ਼ਨ ਨੇ ਸਿਖਾਇਆ ਹੈ ਕਿ ਹਾਲਾਤ ਕਿੰਨੇ ਵੀ ਔਖੇ ਕਿਉਂ ਨਾ ਹੋਣ, ਸੱਚ, ਧਾਰਮਿਕਤਾ ਤੇ ਫਰਜ਼ ਦੇ ਰਾਹ ਤੋਂ ਭਟਕਣਾ ਨਹੀਂ ਚਾਹੀਦਾ। ਸਕੂਲ ਪ੍ਰਬੰਧਕ ਮਦਨ ਗੋਪਾਲ ਨੇ ਵਿਦਿਆਰਥੀਆਂ ਨੂੰ ਜਨਮ ਅਸ਼ਟਮੀ ਦੀ ਵਧਾਈ ਦਿੱਤੀ।

# ਡਿਊਟੀ ਉੱਤੇ ਨਾ ਪਰਤਣ ’ਤੇ ਕਾਰਵਾਈ ਦੀ ਚਿਤਾਵਨੀ

**ਡੱਬਵਾਲੀ, 5 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਿਛਲੇ 6 ਅਗਸਤ ਤੋਂ ਸੂਬੇ ਵਿੱਚ ਸਫ਼ਾਈ ਕਰਮਚਾਰੀਆਂ ਦੀ ਚੱਲ ਰਹੀ ਸੂਬਾ ਪੱਧਰੀ ਹੜਤਾਲ ਹੁਣ ਟਕਰਾਅ ਦੇ ਸਿਖਰਲੇ ਮੋੜ ਵੱਲ ਪੁੱਜਦੀ ਵਿਖਾਈ ਦੇ ਰਹੀ ਹੈ।

ਨਗਰ ਪਰਿਸ਼ਦ ਡੱਬਵਾਲੀ ਨੇ ਹੜਤਾਲ ’ਤੇ ਚੱਲ ਰਹੇ 57 ਸਫ਼ਾਈ ਕਰਮਚਾਰੀਆਂ ਤੇ ਸਫ਼ਾਈ ਦਰੋਗਿਆਂ ਨੂੰ ਨੋਟਿਸ ਜਾਰੀ ਕਰਕੇ 5 ਸਤੰਬਰ ਤੱਕ ਡਿਊਟੀ ’ਤੇ ਪਰਤਣ ਲਈ ਆਖਿਆ ਹੈ। ਇਸ ਉਪਰੰਤ ਡਿਊਟੀ ’ਤੇ ਨਾ ਪਰਤਣ ਵਾਲਿਆਂ ਖ਼ਿਲਾਫ਼ ਵਿਭਾਗੀ ਕਾਰਵਾਈ ਦੇ ਨਾਲ ਕਾਨੂੰਨੀ ਕਾਰਵਾਈ ਦੀ ਚਿਤਾਵਨੀ ਦਿੱਤੀ ਗਈ ਹੈ।

ਨਗਰ ਪਰਿਸ਼ਦ ਦੇ ਕਾਰਜਕਾਰੀ ਅਧਿਕਾਰੀ ਵੱਲੋਂ ਜਾਰੀ ਨੋਟਿਸ ਵਿੱਚ ਪਾਲਿਕਾ ਰੋਲ ਦੇ 25 ਅਤੇ ਪੱਕੇ 32 ਕਰਮਚਾਰੀਆਂ ਦੇ ਨਾਮ ਸ਼ਾਮਲ ਹਨ। ਨਗਰ ਪਰਿਸ਼ਦ ਮੁਤਾਬਕ ਇਹ ਕਰਮਚਾਰੀ 6 ਅਗਸਤ ਤੋਂ ਸਮਰੱਥ ਅਧਿਕਾਰੀ ਦੀ ਮਨਜ਼ੂਰੀ ਜਾਂ ਸੂਚਨਾ ਤੋਂ ਬਿਨਾਂ ਡਿਊਟੀ ਤੋਂ ਗ਼ੈਰਹਾਜ਼ਰ ਹਨ ਅਤੇ ਮਿਊਂਸਪਲ ਕਰਮਚਾਰੀ ਯੂਨੀਅਨ ਹਰਿਆਣਾ ਦੀ ਸੂਬਾ ਪੱਧਰੀ ਹੜਤਾਲ ਵਿੱਚ ਸ਼ਾਮਲ ਹਨ।

ਨਗਰ ਪਰਿਸ਼ਦ ਨੇ ਹੜਤਾਲ ਕਾਰਨ ਸਫ਼ਾਈ ਵਿਵਸਥਾ ਪ੍ਰਭਾਵਿਤ ਹੋਣ ਅਤੇ ਇਸ ਨਾਲ ਲਾਗ ਫੈਲਣ ਦਾ ਖ਼ਤਰਾ ਪੈਦਾ ਹੋਣ ਦੀ ਗੱਲ ਕਹੀ ਹੈ।

ਨੋਟਿਸਾਂ ਵਿੱਚ ਕੁਝ ਕਰਮਚਾਰੀਆਂ ’ਤੇ ਹੋਰਨਾਂ ਕਰਮਚਾਰੀਆਂ ਨੂੰ ਕੰਮ ਕਰਨ ਤੋਂ ਰੋਕਣ ਅਤੇ ਸਫ਼ਾਈ ਸਾਧਨਾਂ ਤੇ ਮਸ਼ੀਨਰੀ ਨੂੰ ਨੁਕਸਾਨ ਪਹੁੰਚਾਉਣ ਦੇ ਦੋਸ਼ ਵੀ ਲਗਾਏ ਗਏ ਹਨ।

# ਗੁਰਦੁਆਰਾ ਦੁੱਖ ਭੰਜਨ ਸਾਹਿਬ ਦਾ ਜੋੜ ਮੇਲਾ ਸਮਾਪਤ



**ਸ਼ਾਹਬਾਦ ਮਾਰਕੰਡਾ, 5 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਗੁਰਦੁਆਰਾ ਦੁੱਖ ਭੰਜਨ ਸਾਹਿਬ ਲੋਹਾਰਾ ਵਿੱਚ ਬਾਬਾ ਸ੍ਰੀ ਚੰਦ ਜੀ ਨੂੰ ਸਮਰਪਿਤ ਤਿੰਨ ਰੋਜ਼ਾ ਸਾਲਾਨਾ ਜੋੜ ਮੇਲਾ ਅੱਜ ਸਮਾਪਤ ਹੋਇਆ। ਇਸ ਮੌਕੇ ਕੀਰਤਨ ਦਰਬਾਰ ਸਜਾਇਆ ਗਿਆ, ਜਿਸ ਵਿੱਚ ਰਾਗੀ ਜਥਿਆਂ ਨੇ ਗੁਰਬਾਣੀ ਨਾਲ ਸੰਗਤ ਨੂੰ ਨਿਹਾਲ ਕੀਤਾ। ਬਾਬਾ ਸੁਖਦੇਵ ਸਿੰਘ ਨੇ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਚਮਕੌਰ ਸਾਹਿਬ ਤੋਂ ਆਏ ਸੰਤ ਬਾਬਾ ਸੁਖਜੋਤ ਸਿੰਘ ਨੇ ਬਾਬਾ ਸ੍ਰੀ ਚੰਦ ਜੀ ਦੇ ਜੀਵਨ ਬਾਰੇ ਵਿਸਤਾਰ ਨਾਲ ਦੱਸਿਆ।

ਉਨ੍ਹਾਂ ਕਿਹਾ ਕਿ ਬਾਬਾ ਸ੍ਰੀ ਚੰਦ ਜੀ ਨੂੰ ਸਿੱਖ ਇਤਿਹਾਸ ਦੇ ਸਭ ਤੋਂ ਵੱਡੇ ਅਧਿਆਤਮਿਕ ਸੰਤਾਂ ਵਿੱਚੋਂ ਇੱਕ ਮੰਨਿਆ ਜਾਂਦਾ ਹੈ।ਉਨ੍ਹਾਂ ਦਾ ਜਨਮ ਸੁਲਤਾਨਪੁਰ ਲੋਧੀ ਵਿਖੇ ਪਹਿਲੇ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਘਰ ਮਾਤਾ ਸੁਲੱਖਣੀ ਦੀ ਕੁੱਖੋਂ ਹੋਇਆ। ਬਚਪਨ ਤੋਂ ਹੀ ਉਨ੍ਹਾਂ ਦਾ ਮਨ ਦੁਨਿਆਵੀ ਇੱਛਾਵਾਂ ਤੋਂ ਦੂਰ ਹੋ ਕੇ ਭਗਤੀ, ਧਿਆਨ ਅਤੇ ਅਧਿਆਤਮਿਕ ਚਿੰਤਨ ਵਿੱਚ ਖਿੱਚਿਆ ਜਾਂਦਾ ਸੀ।ਉਨ੍ਹਾਂ ਕਿਹਾ ਕਿ ਬਾਬਾ ਸ੍ਰੀ ਚੰਦ ਜੀ ਨੇ ਆਪਣਾ ਜੀਵਨ ਕਠੋਰ ਤਪੱਸਿਆ, ਧਿਆਨ, ਆਤਮ ਨਿਰੀਖਣ ਅਤੇ ਮਨੁੱਖੀ ਭਲਾਈ ਲਈ ਸਮਰਪਿਤ ਕੀਤਾ। ਉਨ੍ਹਾਂ ਨੇ ਦੇਸ਼ ਦੇ ਕਈ ਵੱਖ-ਵੱਖ ਹਿੱਸਿਆਂ ਵਿੱਚ ਯਾਤਰਾ ਵੀ ਕੀਤੀ ਅਤੇ ਲੋਕਾਂ ਨੂੰ ਪਰਮਾਤਮਾ ਦਾ ਨਾਮ ਜਪਣ, ਸੱਚ ਦੇ ਮਾਰਗ ‘ਤੇ ਚੱਲਣ, ਹੰਕਾਰ ਤੇ ਲੋਭ ਨੂੰ ਤਿਆਗਣ ਅਤੇ ਲੋੜਵੰਦਾਂ ਦੀ ਸੇਵਾ ਕਰਨ ਦਾ ਉਪਦੇਸ਼ ਦਿੱਤਾ। ਉਨ੍ਹਾਂ ਦੀਆਂ ਸਿੱਖਿਆਵਾਂ ਨੇ ਸਾਰੇ ਮਨੁੱਖਾਂ ਪ੍ਰਤੀ ਪਿਆਰ, ਦਇਆ, ਸੇਵਾ ਅਤੇ ਆਪਸੀ ਭਾਈਚਾਰੇ ’ਤੇ ਜ਼ੋਰ ਦਿੱਤਾ। ਬਾਬਾ ਸੁਖਦੇਵ ਸਿੰਘ ਨੇ ਕਿਹਾ ਕਿ ਬਾਬਾ ਸ੍ਰੀ ਚੰਦ ਜੀ ਦਾ ਜੀਵਨ ਅੱਜ ਵੀ ਸਮਾਜ ਨੂੰ ਪ੍ਰੇਰਿਤ ਕਰਦਾ ਹੈ ਅਤੇ ਸੰਸਾਰਿਕ ਪ੍ਰਾਪਤੀਆਂ ਦੇ ਨਾਲ-ਨਾਲ ਅਧਿਆਤਮਿਕ ਤਰੱਕੀ ਦੀ ਜ਼ਰੂਰਤ ’ਤੇ ਜ਼ੋਰ ਦਿੰਦਾ ਹੈ। ਉਨ੍ਹਾਂ ਸੰਗਤ ਨੂੰ ਬਾਬਾ ਸ੍ਰੀ ਚੰਦ ਦੇ ਜੀਵਨ ਤੋਂ ਪ੍ਰੇਰਣਾ ਲੈਣ ਤੇ ਭਗਤੀ ਸੇਵਾ, ਨਿਮਰਤਾ ਤੇ ਮਨੁੱਖਤਾ ਦੀ ਭਲਾਈ ਨੂੰ ਆਪਣੇ ਜੀਵਨ ਦੇ ਹਿੱਸੇ ਵਜੋਂ ਅਪਣਾਉਣ ਦੀ ਅਪੀਲ ਕੀਤੀ। ਇਸ ਮੌਕੇ ਜਸਪਾਲ ਸਿੰਘ, ਨਰਿੰਦਰ ਸਿੰਘ, ਹਰਦੀਪ ਸਿੰਘ, ਪ੍ਰਦੀਪ ਸਿੰਘ, ਹਰਵਿੰਦਰ ਸਿੰਘ, ਨਰਿੰਦਰ ਸਿੰਘ, ਗੁਰਦੀਪ ਸਿੰਘ, ਗੁਰਦੇਵ ਸਿੰਘ, ਰਘੁਬੀਰ ਸਿੰਘ, ਸੁਰਜੀਤ ਸਿੰਘ, ਜਸਪ੍ਰੀਤ ਸਿੰਘ ਅਤੇ ਪ੍ਰਭਕੀਰਤ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਮੌਜੂਦ ਸਨ। ਅੰਤ ਵਿੱਚ ਗੁਰੂ ਕਾ ਲੰਗਰ ਅਤੁੱਟ ਵਰਤਿਆ।

# ਵਿਦਿਆਰਥਣਾਂ ਨੂੰ ਮਧੂ ਮੱਖੀ ਪਾਲਣ ਬਾਰੇ ਜਾਗਰੂਕ ਕੀਤਾ



**ਰਤੀਆ, 5 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੀ ਐੱਮ ਜੀ ਸਰਕਾਰੀ ਮਹਿਲਾ ਮਹਾਵਿਦਿਆਲਿਆ ਦੇ ਕਰੀਅਰ ਗਾਈਡੈਂਸ ਐਂਡ ਪਲੇਸਮੈਂਟ ਸੈੱਲ ਵੱਲੋਂ ਵਿਦਿਆਰਥਣਾਂ ਵਿੱਚ ਸਵੈ-ਰੁਜ਼ਗਾਰ, ਉਦਮਸ਼ੀਲਤਾ ਅਤੇ ਨਵੀਨਤਾ ਦੀ ਭਾਵਨਾ ਵਿਕਸਿਤ ਕਰਨ ਦੇ ਉਦੇਸ਼ ਨਾਲ ਪ੍ਰੋਗਰਾਮ ਕਰਵਾਇਆ ਗਿਆ। ਇਸ ਦੌਰਾਨ ਵਿਦਿਆਰਥਣਾਂ ਨੂੰ ਭਾਰਤ ਵਿੱਚ ਮਧੂ ਮੱਖੀ ਪਾਲਣ ਕੇਂਦਰ ਸਥਾਪਤ ਕਰਨ ਅਤੇ ਇਸ ਨੂੰ ਸਵੈ-ਰੁਜ਼ਗਾਰ ਵਜੋਂ ਅਪਣਾਉਣ ਬਾਰੇ ਪ੍ਰੇਰਿਆ। ਵੀਡੀਓ ਰਾਹੀਂ ਵਿਦਿਆਰਥਣਾਂ ਨੂੰ ਮਧੂ ਮੱਖੀ ਪਾਲਣ ਦੀਆਂ ਆਧੁਨਿਕ ਤਕਨੀਕਾਂ, ਲੋੜੀਂਦੇ ਸਾਧਨਾਂ, ਬਾਜ਼ਾਰ ਦੀਆਂ ਸੰਭਾਵਨਾਵਾਂ ਅਤੇ ਕਾਰੋਬਾਰ ਸ਼ੁਰੂ ਕਰਨ ਦੇ ਵੱਖ-ਵੱਖ ਪੜਾਵਾਂ ਬਾਰੇ ਜਾਣਕਾਰੀ ਦਿੱਤੀ ਗਈ।

ਇਸ ਦੌਰਾਨ ਦੱਸਿਆ ਗਿਆ ਕਿ ਹਰਿਆਣਾ ਦੀਆਂ ਖੇਤੀਬਾੜੀ ਅਤੇ ਕੁਦਰਤੀ ਸਥਿਤੀਆਂ ਮਧੂ ਮੱਖੀ ਪਾਲਣ ਲਈ ਅਨੁਕੂਲ ਹਨ। ਵਪਾਰਕ ਪੱਧਰ ’ਤੇ ਇੱਥੇ ਐਪੀਸ ਮੇਲੀਫੇਰਾ, ਭਾਵ ਯੂਰਪੀ ਮਧੂ ਮੱਖੀ ਦੀ ਪ੍ਰਜਾਤੀ ਨੂੰ ਵਧੇਰੇ ਢੁੱਕਵਾਂ ਮੰਨਿਆ ਜਾਂਦਾ ਹੈ। ਸੂਬੇ ਵਿੱਚ ਸਰ੍ਹੋਂ ਅਤੇ ਸਫੈਦੇ ਦੇ ਬਾਗਾਂ ਦੀ ਭਰਪੂਰ ਉਪਲਬਧਤਾ ਹੋਣ ਕਾਰਨ ਮਧੂ ਮੱਖੀਆਂ ਨੂੰ ਫੁੱਲਾਂ ਤੋਂ ਕਾਫ਼ੀ ਕੁਦਰਤੀ ਸਰੋਤ ਮਿਲ ਜਾਂਦੇ ਹਨ। ਇਸ ਕਾਰਨ ਮਧੂ ਮੱਖੀ ਪਾਲਣ ਨੂੰ ਕਾਰੋਬਾਰ ਵਜੋਂ ਅੱਗੇ ਵਧਾਉਣ ਦੀਆਂ ਚੰਗੀਆਂ ਸੰਭਾਵਨਾਵਾਂ ਹਨ।

ਵੀਡੀਓ ਸਕ੍ਰੀਨਿੰਗ ਰਾਹੀਂ ਵਿਦਿਆਰਥਣਾਂ ਨੂੰ ਮਧੂ ਮੱਖੀ ਪਾਲਣ ਦਾ ਸਟਾਰਟਅੱਪ ਸ਼ੁਰੂ ਕਰਨ ਦੇ ਛੇ ਮੁੱਖ ਪੜਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਵਿਦਿਆਰਥਣਾਂ ਨੂੰ ਇਹ ਵੀ ਦੱਸਿਆ ਗਿਆ ਕਿ ਮਧੂ ਮੱਖੀ ਪਾਲਣ ਦੇ ਕਾਰੋਬਾਰ ਵਿੱਚ ਉਤਪਾਦਨ ਦੇ ਨਾਲ-ਨਾਲ ਸਹੀ ਮਾਰਕੀਟਿੰਗ ਅਤੇ ਵਿਕਰੀ ਪ੍ਰਬੰਧ ਹੋਣਾ ਵੀ ਬਹੁਤ ਜ਼ਰੂਰੀ ਹੈ। ਇਸ ਮੌਕੇ ਕਾਲਜ ਦੀ ਪ੍ਰਿੰਸੀਪਲ ਡਾ. ਲਖਬੀਰ ਕੌਰ, ਪਲੇਸਮੈਂਟ ਸੈੱਲ ਦੀ ਕੋਆਰਡੀਨੇਟਰ ਡਾ. ਵਿਜਯੰਤੀ ਜਾਖੜ, ਕਮੇਟੀ ਮੈਂਬਰ ਡਾ. ਕਪਿਲ ਦੇਵ, ਸਰਬਜੀਤ ਕੌਰ ਅਤੇ ਵਿਦਿਆਰਥਣਾਂ ਮੌਜੂਦ ਸਨ।

# ਸੇਵਾ ਸੰਕਲਪ ਅਭਿਆਨ ਲਈ ਨੋਡਲ ਅਧਿਕਾਰੀ ਕੀਤੇ ਗਏ ਨਿਯੁਕਤ

**ਚੰਡੀਗੜ੍ਹ, 5 ਸਤੰਬਰ**
**-ਸੰਜੀਵ ਸਿੰਗਲਾ-**

ਹਰਿਆਣਾ ਸਰਕਾਰ ਵੱਲੋਂ ਸੂਬੇ ਵਿੱਚ ਚਲਾਏ ਜਾ ਰਹੇ ‘ਸੇਵਾ ਸੰਕਲਪ ਅਭਿਆਨ’ ਨੂੰ ਸੁਚਾਰੂ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਉੱਚ ਸਿੱਖਿਆ ਵਿਭਾਗ ਨੇ ਰਾਜ ਅਤੇ ਜ਼ਿਲ੍ਹਾ ਪੱਧਰ ’ਤੇ ਨੋਡਲ ਅਧਿਕਾਰੀਆਂ ਦੀ ਨਿਯੁਕਤੀ ਕੀਤੀ ਹੈ। ਇਸ ਗੱਲ ਦੀ ਜਾਣਕਾਰੀ ਹਰਿਆਣਾ ਦੇ ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਵੱਲੋਂ ਦਿੱਤੀ ਗਈ।



ਸਿੱਖਿਆ ਮੰਤਰੀ ਨੇ ਦੱਸਿਆ ਕਿ ਉੱਚ ਸਿੱਖਿਆ ਡਾਇਰੈਕਟੋਰੇਟ ਵੱਲੋਂ ਰਾਜ ਪੱਧਰ ’ਤੇ ਅਭਿਆਨ ਦੇ ਸਫਲ ਸੰਚਾਲਨ ਅਤੇ ਤਾਲਮੇਲ ਲਈ ਡਾਇਰੈਕਟੋਰੇਟ ਦੇ ਰਾਜ ਐੱਨ.ਸੀ.ਸੀ./ਐੱਨ.ਐੱਸ.ਐੱਸ. ਅਧਿਕਾਰੀ ਡਾ. ਦਿਨੇਸ਼ ਕੁਮਾਰ ਨੂੰ ਰਾਜ ਨੋਡਲ ਅਧਿਕਾਰੀ ਬਣਾਇਆ ਗਿਆ ਹੈ। ਡਾ. ਦਿਨੇਸ਼ ਕੁਮਾਰ ਪੂਰੇ ਰਾਜ ਵਿੱਚ ਅਭਿਆਨ ਨਾਲ ਜੁੜੀਆਂ ਗਤੀਵਿਧੀਆਂ ਦੀ ਨਿਗਰਾਨੀ ਅਤੇ ਉੱਚ ਅਧਿਕਾਰੀਆਂ ਨਾਲ ਤਾਲਮੇਲ ਦਾ ਕੰਮ ਸੰਭਾਲਣਗੇ।

ਇਸ ਦੇ ਨਾਲ ਹੀ, ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਇਸ ਅਭਿਆਨ ਨੂੰ ਜ਼ਮੀਨੀ ਪੱਧਰ ’ਤੇ ਮਜ਼ਬੂਤੀ ਨਾਲ ਲਾਗੂ ਕਰਨ ਲਈ ਜ਼ਿਲ੍ਹਾ ਉੱਚ ਸਿੱਖਿਆ ਅਧਿਕਾਰੀਆਂ ਅਤੇ ਸੀਨੀਅਰ ਅਧਿਕਾਰੀਆਂ ਨੂੰ ਆਪਣੇ-ਆਪਣੇ ਸਬੰਧਤ ਜ਼ਿਲ੍ਹਿਆਂ ਲਈ ਜ਼ਿਲ੍ਹਾ ਨੋਡਲ ਅਧਿਕਾਰੀ ਨਿਯੁਕਤ ਕੀਤਾ ਗਿਆ ਹੈ।

ਸਿੱਖਿਆ ਮੰਤਰੀ ਨੇ ਕਿਹਾ ਕਿ ਸੇਵਾ ਸੰਕਲਪ ਅਭਿਆਨ ਦਾ ਮੁੱਖ ਉਦੇਸ਼ ਨੌਜਵਾਨਾਂ ਅਤੇ ਵਿਦਿਆਰਥੀਆਂ ਵਿੱਚ ਸਮਾਜ ਸੇਵਾ, ਸਮਰਪਣ ਅਤੇ ਨੈਤਿਕ ਮੁੱਲਾਂ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਹੈ। ਉੱਚ ਸਿੱਖਿਆ ਵਿਭਾਗ ਦੇ ਮਾਧਿਅਮ ਨਾਲ ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਵਿਦਿਆਰਥੀਆਂ ਨੂੰ ਇਸ ਅਭਿਆਨ ਨਾਲ ਜੋੜਿਆ ਜਾਵੇਗਾ, ਤਾਂ ਜੋ ਉਹ ਜਨਹਿਤ ਦੇ ਕਾਰਜਾਂ ਵਿੱਚ ਵਧ-ਚੜ੍ਹ ਕੇ ਆਪਣਾ ਯੋਗਦਾਨ ਦੇ ਸਕਣ।

ਉਨ੍ਹਾਂ ਸਾਰੇ ਨਵ-ਨਿਯੁਕਤ ਨੋਡਲ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਆਪਣੇ-ਆਪਣੇ ਖੇਤਰਾਂ ਵਿੱਚ ਤਤਪਰਤਾ ਨਾਲ ਕੰਮ ਕਰਨ ਅਤੇ ਅਭਿਆਨ ਦੇ ਤਹਿਤ ਆਯੋਜਿਤ ਹੋਣ ਵਾਲੀਆਂ ਸਾਰੀਆਂ ਗਤੀਵਿਧੀਆਂ ਦਾ ਪਾਰਦਰਸ਼ੀ ਅਤੇ ਪ੍ਰਭਾਵਸ਼ਾਲੀ ਅਮਲ ਯਕੀਨੀ ਬਣਾਉਣ। ਸਰਕਾਰ ਦਾ ਟੀਚਾ ਇਸ ਅਭਿਆਨ ਦੇ ਮਾਧਿਅਮ ਨਾਲ ਸਮਾਜ ਦੇ ਆਖ਼ਰੀ ਵਿਅਕਤੀ ਤੱਕ ਸੇਵਾ ਦਾ ਸੁਨੇਹਾ ਪਹੁੰਚਾਉਣਾ ਅਤੇ ਨੌਜਵਾਨਾਂ ਨੂੰ ਰਾਸ਼ਟਰ ਨਿਰਮਾਣ ਦੀ ਪ੍ਰਕਿਰਿਆ ਵਿੱਚ ਸਰਗਰਮ ਭਾਈਵਾਲ ਬਣਾਉਣਾ ਹੈ।




